

ਭਲੇ ਅਮਰਦਾਸ ਗੁਣ ਤੇਰੇ...
(ਜੋਤੀ ਜੋਤ ਦਿਵਸ 'ਤੇ ਵਿਸ਼ੇਸ਼) ਪੰਨਾ 2

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

ਸ਼ਨੀਵਾਰ, 26 ਸਤੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੧੦ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243


Exclusive News

## ਮੈਂ ਭਾਜਪਾਈ ਬਣ ਕੇ ਕੁੱਝ ਨਹੀਂ ਖੱਟਿਆ

**ਚੰਡੀਗੜ੍ਹ, 25 ਸਤੰਬਰ (ਆਵਾਜ਼ਿ ਕੌਮ ਬਿਊਰੋ)**-"ਕੀ ਖੱਟਿਆ ਮੈਂ ਤੇਰੀ ਹੀਰ ਬਣ ਕੇ..."। ਕੁੱਝ ਇਹੀ ਸ਼ਬਦ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਇੱਕ ਇੰਟਰਵਿਊ 'ਚ ਭਾਜਪਾ 'ਚ ਆਪਣੀ ਸ਼ਮੂਲੀਅਤ ਨੂੰ ਲੈ ਕੇ ਪਹਿਲੀ ਵਾਰ ਕਹੇ ਹਨ।



ਉਨ੍ਹਾਂ ਨੇ ਇੱਕ ਅਖ਼ਬਾਰ ਨੂੰ ਇੰਟਰਵਿਊ ਦੌਰਾਨ ਭਾਜਪਾ ਨੂੰ ਪੰਜਾਬ 'ਚ ਸਰਕਾਰ ਬਣਾਉਣ ਲਈ ਅਕਾਲੀ ਦਲ ਗਠਜੋੜ ਕਰਨ ਦੀ ਜ਼ਰੂਰਤ 'ਤੇ ਵੀ ਮੁੜ ਸਲਾਹ ਦਿੱਤੀ ਹੈ। ਕੈਪਟਨ ਅਮਰਿੰਦਰ ਸਿੰਘ ਨੇ ਪਾਰਟੀ ਨਾਲ ਬਿਤਾਏ ਆਪਣੇ ਚਾਰ ਸਾਲਾਂ 'ਤੇ ਬੇਬਾਕੀ ਨਾਲ ਟਿੱਪਣੀ ਕੀਤੀ ਹੈ। ਉਨ੍ਹਾਂ ਦਾ ਮੰਨਣਾ ਹੈ ਕਿ ਭਾਜਪਾ ਵਿੱਚ ਸ਼ਾਮਲ ਹੋਣ ਨਾਲ ਉਨ੍ਹਾਂ ਨੂੰ ਬਹੁਤਾ ਫ਼ਾਇਦਾ ਨਹੀਂ ਹੋਇਆ। ਫਿਰ ਵੀ, ਉਨ੍ਹਾਂ ਸਾਫ਼ ਕੀਤਾ ਕਿ ਕਾਂਗਰਸ ਵਿੱਚ ਵਾਪਸੀ ਦਾ ਕੋਈ ਸਵਾਲ ਹੀ ਪੈਦਾ ਨਹੀਂ ਹੁੰਦਾ, ਅਤੇ ਹੁਣ ਉਹ ਚੋਣ ਸਿਆਸਤ ਤੋਂ ਦੂਰ ਹੀ ਰਹਿਣਾ ਚਾਹੁੰਦੇ ਹਨ। 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਇੱਕ ਅਖ਼ਬਾਰ ਦਿੱਤੇ ਇੱਕ ਇੰਟਰਵਿਊ ਵਿੱਚ ਉਨ੍ਹਾਂ ਆਪਣੇ ਸਿਆਸੀ ਸਫ਼ਰ ਅਤੇ ਪੰਜਾਬ ਦੇ ਹਾਲਾਤ ਨਾਲ ਜੁੜੇ ਵੱਖ-ਵੱਖ ਪਹਿਲੂਆਂ 'ਤੇ ਖੁੱਲ੍ਹ ਕੇ ਵਿਚਾਰ ਸਾਂਝੇ ਕੀਤੇ।

### ਸੁਰੱਖਿਆ ਏਜੰਸੀਆਂ ਨੇ ਜਾਰੀ ਕੀਤਾ ਹਾਈ ਅਲਰਟ

# ਹਾਈਕੋਰਟ ਨੂੰ ਬੰਬ ਨਾਲ ਉਡਾਉਣ ਦੀ ਧਮਕੀ

**ਚੰਡੀਗੜ੍ਹ, 25 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ-ਹਰਿਆਣਾ 'ਚ ਅੱਜ ਸਵੇਰੇ ਉਸ ਸਮੇਂ ਹੜਕੰਪ ਮੱਚ ਗਈ, ਜਦੋਂ ਅਦਾਲਤ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ। ਧਮਕੀ ਪਿੱਛੋਂ ਪੁਲਿਸ ਪ੍ਰਸ਼ਾਸਨ ਨੂੰ ਹੱਥਾਂ-ਪੈਰਾਂ ਦੀ ਪੈ ਗਈ, ਜਿਸ ਪਿੱਛੋਂ ਤੁਰੰਤ ਕੋਰਟ ਕੰਪਲੈਕਸ ਨੂੰ ਖਾਲੀ ਕਰਵਾਇਆ ਗਿਆ ਅਤੇ ਸੁਰੱਖਿਆ ਦੇ ਮੱਦੇਨਜ਼ਰ ਆਲੇ-ਦੁਆਲੇ ਪੁਲਿਸ ਵਧਾ ਦਿੱਤੀ ਗਈ ਹੈ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਿਸ ਪੀਸੀਆਰ ਗੱਡੀਆਂ, ਫਾਇਰ ਬ੍ਰਿਗੇਡ ਅਤੇ ਐਂਬੂਲੈਂਸਾਂ ਮੌਕੇ 'ਤੇ ਪਹੁੰਚ ਗਈਆਂ। ਸੂਤਰਾਂ ਅਨੁਸਾਰ, ਹਾਈ ਕੋਰਟ ਨੂੰ ਧਮਕੀ ਭਰਿਆ ਫੋਨ ਕਿਸੇ ਅਣਪਛਾਤੇ ਵਿਅਕਤੀ ਨੇ ਕੀਤਾ ਸੀ। ਫੋਨ ਆਉਣ ਤੋਂ ਤੁਰੰਤ ਬਾਅਦ, ਸੁਰੱਖਿਆ ਵਧਾ



ਦਿੱਤੀ ਗਈ ਸੀ ਅਤੇ ਪੂਰੇ ਕੰਪਲੈਕਸ ਦੀ ਤਲਾਸ਼ੀ ਲਈ ਜਾ ਰਹੀ ਸੀ। ਇੱਕ ਬੰਬ ਸਕੁਐਡ ਵੀ ਮੌਕੇ 'ਤੇ ਪਹੁੰਚਿਆ ਅਤੇ ਕਿਸੇ ਵੀ ਅਣਸੁਖਾਵੀਂ ਘਟਨਾ ਨਾਲ ਨਜਿੱਠਣ ਲਈ ਤਿਆਰ ਹੈ। ਪੀਸੀਆਰ ਗੱਡੀਆਂ, ਫਾਇਰ ਇੰਜਣ ਅਤੇ ਐਂਬੂਲੈਂਸਾਂ ਮੌਕੇ 'ਤੇ ਪਹੁੰਚ ਗਈਆਂ। ਜਾਣਕਾਰੀ ਅਨੁਸਾਰ, ਧਮਕੀ ਕਾਰਨ ਅੱਜ ਹਾਈਕੋਰਟ 'ਚ ਐਂਟਰੀ ਲਗਭਗ ਅੱਧਾ ਘੰਟਾ ਬੰਦ ਰਹੀ। ਪੁਲਿਸ ਵੱਲੋਂ ਸਾਰੀ ਜਾਂਚ ਕਰਨ ਉਪਰੰਤ ਸਾਢੇ 9 ਵਜੇ ਦੇ ਲਗਭਗ ਐਂਟਰੀ ਮੁੜ ਸ਼ੁਰੂ ਕੀਤੀ ਅਤੇ ਹੁਣ ਕੇਸਾਂ ਦੀ ਸੁਣਵਾਈ ਆਮ ਵਾਂਗ ਹੋ ਰਹੀ ਹੈ। ਫਿਲਹਾਲ, ਪੁਲਿਸ ਨੂੰ ਜਾਂਚ ਦੌਰਾਨ ਇਮਾਰਤ ਵਿੱਚੋਂ ਕੋਈ ਸ਼ੱਕੀ ਵਸਤੂ ਨਹੀਂ ਮਿਲੀ ਹੈ। ਧਮਕੀਆਂ ਦੇਣ ਵਾਲੇ ਵਿਅਕਤੀ ਅਤੇ ਕਾਲ ਦੇ ਸਰੋਤ ਬਾਰੇ ਅਧਿਕਾਰਤ ਵੇਰਵੇ ਅਜੇ ਜਾਰੀ ਨਹੀਂ ਕੀਤੇ ਗਏ ਹਨ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ ਅਤੇ ਧਮਕੀ ਦੇਣ ਵਾਲੇ ਵਿਅਕਤੀ ਦਾ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਇਸ ਘਟਨਾ ਕਾਰਨ ਹਾਈ ਕੋਰਟ ਵਿੱਚ ਕੰਮਕਾਜ ਵਿੱਚ ਵਿਘਨ ਪਿਆ ਹੈ, ਅਤੇ ਵਿਸ਼ੇਸ਼ ਸੁਰੱਖਿਆ ਉਪਾਅ ਕੀਤੇ ਜਾ ਰਹੇ ਹਨ। ਜ਼ਿਕਰਯੋਗ ਹੈ ਕਿ ਚੰਡੀਗੜ੍ਹ ਵਿੱਚ, ਸਕੂਲਾਂ, ਪਾਸਪੋਰਟ ਦਫਤਰਾਂ ਅਤੇ ਹਾਈ ਕੋਰਟ ਨੂੰ ਪਹਿਲਾਂ ਵੀ ਕਈ ਵਾਰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਮਿਲੀਆਂ ਹਨ। ਚੰਡੀਗੜ੍ਹ ਜ਼ਿਲ੍ਹਾ ਅਦਾਲਤ ਨੂੰ ਵੀ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਮਿਲੀਆਂ ਹਨ।

## ਬਰਖ਼ਾਸਤ AIG ਰਾਜਜੀਤ ਸਿੰਘ ਦੀ ਮੋਹਾਲੀ ਅਦਾਲਤ 'ਚ ਪੇਸ਼ੀ, 5 ਦਿਨਾਂ ਦਾ ਮਿਲਿਆ ਰਿਮਾਂਡ

**ਮੋਹਾਲੀ, 25 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਬਰਖ਼ਾਸਤ ਏ.ਆਈ.ਜੀ. ਰਾਜਜੀਤ ਸਿੰਘ ਦੀ ਗ੍ਰਿਫ਼ਤਾਰੀ



ਤੋਂ ਬਾਅਦ ਉਨ੍ਹਾਂ ਖ਼ਿਲਾਫ਼ ਲੱਗੇ ਇਲਜ਼ਾਮਾਂ ਨੂੰ ਲੈ ਕੇ ਇਹ ਮਾਮਲਾ ਫਿਰ ਤੋਂ ਚਰਚਾ ਵਿਚ ਹੈ। ਰਾਜਜੀਤ ਨੂੰ ਪਟਿਆਲਾ ਪੁਲਸ ਵੱਲੋਂ ਗ੍ਰਿਫ਼ਤਾਰ ਕੀਤਾ ਗਿਆ ਸੀ। ਪਿਛਲੇ 6 ਸਾਲਾਂ ਤੋਂ ਫਰਾਰ ਚੱਲ ਰਹੇ ਰਾਜਜੀਤ ਸਿੰਘ ਨੇ ਬੀਤੇ ਦਿਨ ਪੁਲਸ ਅੱਗੇ ਸਰੰਡਰ ਕਰ ਦਿੱਤਾ ਸੀ। ਰਾਜਜੀਤ ਸਿੰਘ ਨੂੰ ਮੋਹਾਲੀ ਕੋਰਟ 'ਚ ਪੇਸ਼ ਕੀਤਾ ਗਿਆ, ਜਿੱਥੇ ਪੁਲਸ ਨੂੰ ਉਨ੍ਹਾਂ ਦਾ 5 ਦਿਨਾਂ ਦਾ ਰਿਮਾਂਡ 'ਤੇ ਭੇਜ ਦਿੱਤਾ ਹੈ। ਇਥੇ ਦੱਸਣਯੋਗ ਹੈ ਕਿ ਰਾਜਜੀਤ ਸਿੰਘ 'ਤੇ ਇੰਸਪੈਕਟਰ ਇੰਦਰਜੀਤ ਸਿੰਘ ਦੇ ਨਾਲ ਮਿਲ ਕੇ ਨਸ਼ਾ ਤਸਕਰ ਨੈਕਸਸ ਚਲਾਉਣ ਦਾ ਇਲਜ਼ਾਮ ਹੈ। ਅਤੇ ਜਾਣ ਬੁਝ ਕੇ ਨਸ਼ੇ ਨਾਲ ਜੁੜੇ 50 ਤੋਂ ਵੱਧ ਕਾਨੂੰਨੀ ਸੈਂਪਲ ਫੇਲ੍ਹ ਕਰਵਾਏ ਤਾਂ ਜੋ ਨਸ਼ਾ ਤਸਕਰਾਂ ਨੂੰ ਬਚਾਇਆ ਜਾ ਸਕੇ। ਰਾਜਜੀਤ ਸਿੰਘ 'ਤੇ ਦੋਸ਼ ਲੱਗੇ ਹਨ ਕਿ ਉਸ ਨੇ ਅਮੀਰ ਲੋਕਾਂ 'ਤੇ ਝੂਠੇ ਨਸ਼ੇ ਦੇ ਕੇਸ ਦਰਜ ਕਰਕੇ ਉਨ੍ਹਾਂ ਤੋਂ ਕਰੋੜਾਂ ਰੁਪਏ ਵਸੂਲੇ ਹਨ। ਉਥੇ ਵਿਜੀਲੈਂਸ ਨੇ ਰਾਜਜੀਤ ਸਿੰਘ ਖ਼ਿਲਾਫ਼ ਆਮਦਨ ਤੋਂ ਵਧ ਜਾਇਦਾਦ ਦਾ ਮਾਮਲਾ ਵੀ ਦਰਜ ਕੀਤਾ ਸੀ ਅਤੇ ਜਾਂਚ ਵਿਚ ਕਰੋੜਾਂ ਰੁਪਏ ਦੀ ਬੇਨਾਮੀ ਪ੍ਰਾਪਰਟੀ ਮਿਲਣ ਦਾ ਵੀ ਦਾਅਵਾ ਹੈ। ਰਾਜਜੀਤ ਸਿੰਘ ਖ਼ਿਲਾਫ਼ ਜਾਂਚ ਲਈ ਹਾਈਕੋਰਟ ਦੇ ਹੁਕਮਾਂ ਉਤੇ 2017 'ਚ 3 ਮੈਂਬਰੀ ਸਿਟ ਦਾ ਗਠਨ ਕੀਤਾ ਗਿਆ ਅਤੇ ਅਪ੍ਰੈਲ 2023 ਵਿਚ ਰਾਜਜੀਤ ਸਿੰਘ ਨੂੰ ਨੌਕਰੀ ਤੋਂ ਬਰਖ਼ਾਸਤ ਕਰ ਦਿੱਤਾ ਗਿਆ ਸੀ। ਸਾਲ 2023 ਵਿਚ ਜ਼ਮਾਨਤ ਰੱਦ ਹੋਣ ਮਗਰੋਂ ਉਹ STF ਦੀ ਗ੍ਰਿਫ਼ਤ ਤੋਂ ਫਰਾਰ ਹੋ ਗਿਆ ਸੀ। ਹੁਣ 6 ਸਾਲ ਤੋਂ ਫਰਾਰ ਚੱਲ ਰਹੇ ਰਾਜਜੀਤ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ।

## 2027 ਵਿਚ 2 ਸੀਟਾਂ ਤੋਂ ਚੋਣ ਲੜ ਸਕਦੇ ਨੇ ਅੰਮ੍ਰਿਤਪਾਲ ਸਿੰਘ !



**ਚੰਡੀਗੜ੍ਹ, 25 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅਗਲੇ ਸਾਲ ਦੀ ਸ਼ੁਰੂਆਤ ਵਿਚ ਹੋਣ ਜਾ ਰਹੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਵੱਖ-ਵੱਖ ਸਿਆਸੀ ਧਿਰਾਂ ਵੱਲੋਂ



ਤਿਆਰੀਆਂ ਤੇਜ਼ ਕੀਤੀਆਂ ਜਾ ਰਹੀਆਂ ਹਨ। ਇਸ ਵਿਚਾਲੇ 'ਅਕਾਲੀ ਦਲ ਵਾਰਿਸ ਪੰਜਾਬ ਦੇ' ਦੇ ਆਗੂ ਅਤੇ ਖਡੂਰ ਸਾਹਿਬ ਤੋਂ ਲੋਕ ਸਭਾ ਮੈਂਬਰ ਅੰਮ੍ਰਿਤਪਾਲ ਸਿੰਘ ਨਾਲ ਜੁੜੀ ਵੱਡੀ ਖ਼ਬਰ ਸਾਹਮਣੇ ਆ ਰਹੀ ਹੈ। ਮੀਡੀਆ ਰਿਪੋਰਟਾਂ ਮੁਤਾਬਕ, ਅੰਮ੍ਰਿਤਪਾਲ ਸਿੰਘ ਕਿਸੇ ਇਕ ਨਹੀਂ, ਸਗੋਂ 2 ਵੱਖ-ਵੱਖ ਵਿਧਾਨ ਸਭਾ ਹਲਕਿਆਂ ਤੋਂ ਚੋਣ ਲੜ ਸਕਦੇ ਹਨ। ਦਰਅਸਲ, ਇਕ ਨਿੱਜੀ ਚੈਨਲ ਨਾਲ ਗੱਲਬਾਤ ਦੌਰਾਨ 'ਅਕਾਲੀ ਦਲ ਵਾਰਿਸ ਪੰਜਾਬ ਦੇ' ਦੇ ਸੀਨੀਅਰ ਆਗੂ ਤੇ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਨੇ ਇਹ ਇਸ਼ਾਰਾ ਦਿੱਤਾ ਹੈ ਕਿ ਅੰਮ੍ਰਿਤਪਾਲ ਸਿੰਘ ਸਿਰਫ਼ ਇਕ ਨਹੀਂ, ਸਗੋਂ ਦੋ ਹਲਕਿਆਂ ਤੋਂ ਚੋਣ ਲੜ ਸਕਦੇ ਹਨ। ਉਨ੍ਹਾਂ ਇਹ ਵੀ ਸੰਭਾਵਨਾ ਜਤਾਈ ਹੈ ਕਿ ਉਹ ਮਾਝੇ ਤੋਂ ਇਲਾਵਾ ਮਾਲਵੇ ਦੀ ਇਕ ਸੀਟ ਤੋਂ ਵੀ ਚੋਣ ਮੈਦਾਨ ਵਿਚ ਨਿੱਤਰ ਸਕਦੇ ਹਨ। ਹਾਲਾਂਕਿ ਉਨ੍ਹਾਂ ਸਪਸ਼ਟ ਕੀਤਾ ਹੈ ਕਿ ਅੰਮ੍ਰਿਤਪਾਲ ਸਿੰਘ ਕਿਹੜੇ ਹਲਕੇ ਤੋਂ ਅਤੇ ਕਿਹੜੇ ਲੀਡਰ ਦੇ ਖ਼ਿਲਾਫ਼ ਚੋਣ ਲੜਣਗੇ, ਇਸ ਬਾਰੇ ਮੰਥਨ ਜਾਰੀ ਹੈ ਅਤੇ ਇਸ 'ਤੇ ਅੰਤਿਮ ਫ਼ੈਸਲਾ ਪਾਰਟੀ ਦੇ ਪਾਰਲੀਮੈਂਟਰੀ ਬੋਰਡ ਵੱਲੋਂ ਲਿਆ ਜਾਵੇਗਾ। ਇਹ ਵੀ ਜ਼ਿਕਰਯੋਗ ਹੈ ਕਿ ਪਾਰਟੀ ਵੱਲੋਂ ਪਹਿਲਾਂ ਹੀ ਇਹ ਐਲਾਨ ਕੀਤਾ ਜਾ ਚੁੱਕਿਆ ਹੈ ਕਿ ਉਨ੍ਹਾਂ ਦਾ ਮੁੱਖ ਮੰਤਰੀ ਚਿਹਰਾ ਅੰਮ੍ਰਿਤਪਾਲ ਸਿੰਘ ਹੀ ਹੋਣਗੇ।

## ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਬੀ.ਸੀ. ਗੁਰਦੁਆਰਾ ਪ੍ਰਬੰਧਕਾਂ ਤੋਂ ਲਿਖਤੀ ਸਪੱਸ਼ਟੀਕਰਨ ਤਲਬ

**ਸ੍ਰੀ ਅੰਮ੍ਰਿਤਸਰ, 25 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਨੂੰ ਲਿਜਾਣ ਸਮੇਂ ਮਰਯਾਦਾ ਅਤੇ ਸਤਿਕਾਰ ਦੇ ਪੱਖ ਤੋਂ ਹੋਈ ਕਥਿਤ ਅਣਗਹਿਲੀ ਦੇ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਐਸੋਸੀਏਸ਼ਨ, ਸਰੀ, ਬ੍ਰਿਟਿਸ਼ ਕੋਲੰਬੀਆ (ਕੈਨੇਡਾ) ਤੋਂ ਲਿਖਤੀ ਸਪੱਸ਼ਟੀਕਰਨ ਤਲਬ ਕੀਤਾ ਗਿਆ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਨੂੰ ਮਿਲੀ ਜਾਣਕਾਰੀ ਅਨੁਸਾਰ ਬੀਤੇ ਦਿਨੀਂ ਟੋਰਾਂਟੋ ਤੋਂ ਕੁਝ ਸਿੰਘ ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਐਸੋਸੀਏਸ਼ਨ, ਸਰੀ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਪ੍ਰਾਪਤ ਕਰਨ ਲਈ ਪਹੁੰਚੇ ਸਨ। ਇਸ ਦੌਰਾਨ ਪਾਵਨ ਸਰੂਪ ਲੈ ਕੇ ਜਾਣ ਵਾਲੀਆਂ ਗੱਡੀਆਂ ਦੀ ਮਰਯਾਦਾ ਅਤੇ ਗੁਰੂ ਸਾਹਿਬ ਦੇ ਸਤਿਕਾਰ ਦੇ ਪੱਖ ਤੋਂ ਲੋੜੀਂਦੀ ਜਾਂਚ ਕੀਤੇ ਬਿਨਾਂ ਹੀ ਪਾਵਨ ਸਰੂਪ ਲਿਜਾਣ ਦੀ ਆਗਿਆ ਦਿੱਤੇ ਜਾਣ ਦੀ ਘਟਨਾ ਸਾਹਮਣੇ ਆਈ। ਸਥਾਨਕ ਸੰਗਤ ਵੱਲੋਂ ਇਸ ਮਾਮਲੇ 'ਤੇ ਇਤਰਾਜ਼ ਕੀਤੇ ਜਾਣ ਤੋਂ ਬਾਅਦ ਗੁਰਦੁਆਰਾ ਪ੍ਰਬੰਧਕਾਂ ਵੱਲੋਂ ਪਾਵਨ ਸਰੂਪ ਮੁੜ ਗੁਰਦੁਆਰਾ ਸਾਹਿਬ ਵਿਖੇ ਬਿਰਾਜਮਾਨ ਕਰਵਾਏ ਗਏ। ਇਸ ਘਟਨਾ ਤੋਂ ਬਾਅਦ ਸਿੱਖ ਸੰਗਤ ਵਿੱਚ ਰੋਸ ਪੈਦਾ ਹੋਣ ਦੀ ਗੱਲ ਸਾਹਮਣੇ ਆਈ ਹੈ। ਗੁਰਦੁਆਰਾ ਪ੍ਰਬੰਧਕਾਂ ਵੱਲੋਂ ਸੋਸ਼ਲ ਮੀਡੀਆ ਰਾਹੀਂ ਘਟਨਾ ਸਬੰਧੀ ਸਪੱਸ਼ਟੀਕਰਨ ਦੇਣ ਦੇ ਨਾਲ-ਨਾਲ ਸੰਗਤ ਤੋਂ



ਖਿਮਾ ਜਾਚਨਾ ਵੀ ਕੀਤੀ ਗਈ ਸੀ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਆਦੇਸ਼ਾਂ ਅਨੁਸਾਰ ਗੁਰਦੁਆਰਾ ਐਸੋਸੀਏਸ਼ਨ ਨੂੰ ਕਿਹਾ ਗਿਆ ਹੈ ਕਿ ਉਹ ਹੋਈ ਅਣਗਹਿਲੀ ਸਬੰਧੀ ਆਪਣਾ ਲਿਖਤੀ ਸਪੱਸ਼ਟੀਕਰਨ 15 ਦਿਨਾਂ ਦੇ ਅੰਦਰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਭੇਜੇ। ਇਸ ਤੋਂ ਇਲਾਵਾ ਗੁਰਦੁਆਰਾ ਪ੍ਰਬੰਧਕਾਂ ਨੂੰ ਪਿਛਲੇ ਸਮੇਂ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐੱਸ.ਜੀ.ਪੀ.ਸੀ.), ਸ੍ਰੀ ਅੰਮ੍ਰਿਤਸਰ ਰਾਹੀਂ ਗੁਰਦੁਆਰਾ ਸਾਹਿਬ ਵਿਖੇ ਪਹੁੰਚੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਸਬੰਧੀ ਮੁਕੰਮਲ ਵੇਰਵੇ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਨੂੰ ਭੇਜਣ ਲਈ ਕਿਹਾ ਗਿਆ ਹੈ। ਆਦੇਸ਼ ਅਨੁਸਾਰ ਗੁਰਦੁਆਰਾ ਪ੍ਰਬੰਧਕਾਂ ਨੂੰ ਇਹ ਵੀ ਸਪੱਸ਼ਟ ਕਰਨਾ ਹੋਵੇਗਾ ਕਿ ਪ੍ਰਾਪਤ ਹੋਏ ਪਾਵਨ ਸਰੂਪਾਂ ਵਿੱਚੋਂ ਕਿੰਨੇ ਸਰੂਪ ਸੰਗਤਾਂ ਨੂੰ ਮੁਹੱਈਆ ਕਰਵਾਏ ਗਏ ਹਨ, ਕਿੰਨੇ ਸਰੂਪ ਇਸ ਸਮੇਂ ਗੁਰਦੁਆਰਾ ਸਾਹਿਬ ਕੋਲ ਮੌਜੂਦ ਹਨ ਅਤੇ ਸੰਗਤ ਵੱਲੋਂ ਹੋਰ ਕਿੰਨੇ ਪਾਵਨ ਸਰੂਪਾਂ ਦੀ ਮੰਗ ਕੀਤੀ ਜਾ ਰਹੀ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਬ੍ਰਿਟਿਸ਼ ਕੋਲੰਬੀਆ ਦੀ ਸਮੂਹ ਸਿੱਖ ਸੰਗਤ ਨੂੰ ਵੀ ਅਪੀਲ ਕੀਤੀ ਗਈ ਹੈ ਕਿ ਗੁਰੂ ਸਾਹਿਬ ਪ੍ਰਤੀ ਭੈਅ-ਭਾਵਨੀ ਅਤੇ ਸਤਿਕਾਰ ਬਣਾਈ ਰੱਖਦਿਆਂ ਗੁਰਦੁਆਰਾ ਪ੍ਰਬੰਧਕਾਂ ਨਾਲ ਆਪਸੀ ਪ੍ਰੇਮ, ਸਦਭਾਵਨਾ ਅਤੇ ਇਤਫ਼ਾਕ ਵਾਲਾ ਮਾਹੌਲ ਕਾਇਮ ਕਰਨ ਵਿੱਚ ਸਹਿਯੋਗ ਦਿੱਤਾ ਜਾਵੇ।

## ਸਾਊਦੀ ਅਰਬ 'ਚ ਸਿੱਖ ਡਰਾਈਵਰ ਨੂੰ ਬਚਾਉਣ ਲਈ ਅੱਗੇ ਆਏ ਦਿਲਜੀਤ ਸਿੰਘ ਦੋਸਾਂਝ ਤੇ ਗ੍ਰੇਟ ਖਲੀ, ਕੇਂਦਰ ਤੋਂ ਦਖਲ ਦੀ ਕੀਤੀ ਮੰਗ

**ਪਠਾਨਕੋਟ, 25 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਪਠਾਨਕੋਟ ਦੇ ਇੱਕ ਟਰੱਕ ਡਰਾਈਵਰ ਨੂੰ ਨਸ਼ੀਲੇ ਪਦਾਰਥਾਂ ਨਾਲ ਸਬੰਧਤ ਇੱਕ ਮਾਮਲੇ ਵਿੱਚ ਸਾਊਦੀ ਅਰਬ ਦੀ ਅਦਾਲਤ ਨੇ ਮੌਤ ਦੀ ਸਜ਼ਾ ਸੁਣਾਈ ਹੈ। ਪਰਿਵਾਰ ਵੱਲੋਂ



ਬਲਜਿੰਦਰ ਸਿੰਘ ਨੂੰ ਬਚਾਉਣ ਲਈ ਕੇਂਦਰ ਸਰਕਾਰ ਨੂੰ ਗੁਹਾਰ ਲਗਾਈ ਗਈ ਸੀ, ਜਿਸ ਤੋਂ ਬਾਅਦ ਹੁਣ ਸਿੱਖ ਟਰੱਕ ਡਰਾਈਵਰ ਨੂੰ ਬਚਾਉਣ ਦੀ ਮੁਹਿੰਮ 'ਚ ਪੰਜਾਬੀ ਗਾਇਕ ਦਿਲਜੀਤ ਦੋਸਾਂਝ ਵੀ ਅੱਗੇ ਆਏ ਹਨ ਅਤੇ ਕੇਂਦਰ ਸਰਕਾਰ ਨੂੰ ਇਸ ਮਾਮਲੇ ਵਿੱਚ ਤੁਰੰਤ ਦਖਲ ਦੇਣ ਦੀ ਮੰਗ ਕੀਤੀ ਹੈ। ਦਿਲਜੀਤ ਦੇ ਨਾਲ ਭਾਰਤੀ ਪਹਿਲਵਾਨ ਦ ਗ੍ਰੇਟ ਖਲੀ ਅਤੇ ਸਾਬਕਾ ਸੰਸਦ ਮੈਂਬਰ ਅਵਿਨਾਸ਼ ਰਾਏ ਖੰਨਾ ਨੇ ਵੀ ਇਸ ਮਾਮਲੇ ਵਿੱਚ ਆਪਣੀ ਆਵਾਜ਼ ਬੁਲੰਦ ਕੀਤੀ ਹੈ, ਜਿਸ ਨਾਲ ਬਲਜਿੰਦਰ ਸਿੰਘ ਨੂੰ ਬਚਾਉਣ ਦੀ ਮੁਹਿੰਮ ਨੂੰ ਹੁੰਗਾਰਾ ਮਿਲਿਆ ਹੈ। ਖਲੀ ਨੇ ਬਲਜਿੰਦਰ ਸਿੰਘ ਦੇ ਮਾਮਲੇ ਸੰਬੰਧੀ ਇੱਕ ਵੀਡੀਓ ਜਾਰੀ ਕੀਤਾ ਹੈ, ਜਿਸ ਵਿੱਚ ਲੋਕਾਂ ਨੂੰ ਪਰਿਵਾਰ ਦੀ ਮਦਦ ਲਈ ਅੱਗੇ ਆਉਣ ਦੀ ਅਪੀਲ ਕੀਤੀ ਗਈ ਹੈ। ਉਨ੍ਹਾਂ ਨੇ ਇਸ ਮਾਮਲੇ ਵਿੱਚ ਮਨੁੱਖੀ ਸਹਾਇਤਾ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ਅਤੇ ਲੋਕਾਂ ਨੂੰ ਬਲਜਿੰਦਰ ਨੂੰ ਬਚਾਉਣ ਦੀਆਂ ਕੋਸ਼ਿਸ਼ਾਂ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ। ਸੋਸ਼ਲ ਮੀਡੀਆ 'ਤੇ ਸਾਹਮਣੇ ਆਉਣ ਤੋਂ ਬਾਅਦ ਖਲੀ ਦੀ ਅਪੀਲ ਨੇ ਇੱਕ ਵਾਰ ਫਿਰ ਲੋਕਾਂ ਦਾ ਧਿਆਨ ਆਪਣੇ ਵੱਲ ਖਿੱਚਿਆ ਹੈ। ਖਲੀ ਨੇ ਇੱਕ ਵੀਡੀਓ ਜਾਰੀ ਕਰਕੇ ਕਿਹਾ ਕਿ ਹਰ ਕੋਈ ਜਾਣਦਾ ਹੈ ਕਿ ਬਲਜਿੰਦਰ ਨੂੰ ਫਸਾਇਆ ਗਿਆ ਹੈ। ਆਪਣੇ ਬਿਮਾਰ ਪਿਤਾ ਦਾ ਹਵਾਲਾ ਦਿੰਦੇ ਹੋਏ, ਇੱਕ ਪਾਕਿਸਤਾਨੀ ਵਿਅਕਤੀ ਨੇ ਬਲਜਿੰਦਰ ਨੂੰ ਭਾਵੁਕ ਕਰ ਦਿੱਤਾ ਅਤੇ ਉਸਨੂੰ ਦਵਾਈ ਦੀ ਆੜ ਵਿੱਚ ਨਸ਼ੀਲੇ ਪਦਾਰਥਾਂ ਦਾ ਇੱਕ ਪੈਕੇਟ ਦਿੱਤਾ। ਉਸਨੇ ਕਿਹਾ ਕਿ ਸੋਸ਼ਲ ਮੀਡੀਆ 'ਤੇ ਸਰਗਰਮ ਹਰ ਕਿਸੇ ਨੂੰ ਬਲਜਿੰਦਰ ਲਈ ਖੜ੍ਹਾ ਹੋਣਾ ਚਾਹੀਦਾ ਹੈ। ਬਲਜਿੰਦਰ ਬੇਕਸੂਰ ਹੈ। ਸਰਕਾਰ ਨੂੰ ਬਲਜਿੰਦਰ ਨੂੰ ਰਿਹਾਅ ਕਰਨਾ ਚਾਹੀਦਾ ਹੈ ਤਾਂ ਜੋ ਉਹ ਆਪਣੇ ਪਰਿਵਾਰ ਨਾਲ ਰਹਿ ਸਕੇ। ਦਿਲਜੀਤ ਦੋਸਾਂਝ ਨੇ ਇੱਕ ਵੀਡੀਓ ਸਾਂਝਾ ਕਰਦਿਆਂ ਕਿਹਾ ਕਿ ਉਹ ਇਸ ਮਾਮਲੇ ਬਾਰੇ ਜ਼ਿਆਦਾ ਨਹੀਂ ਜਾਣਦੇ। ਹਾਲਾਂਕਿ, ਜੇਕਰ ਬਲਜਿੰਦਰ ਬੇਕਸੂਰ ਹੈ, ਤਾਂ ਸਰਕਾਰ ਨੂੰ ਨਿਰਪੱਖ ਜਾਂਚ ਕਰਵਾਉਣੀ ਚਾਹੀਦੀ ਹੈ ਅਤੇ ਉਸਨੂੰ ਭਾਰਤ ਵਾਪਸ ਲਿਆਉਣ ਵਿੱਚ ਮਦਦ ਕਰਨੀ ਚਾਹੀਦੀ ਹੈ।

# ਭਲੇ ਅਮਰਦਾਸ ਗੁਣ ਤੇਰੇ, ਤੇਰੀ ਉਪਮਾ ਤੋਹਿ ਬਨਿ ਆਵੈ ।।

## 452ਵੇਂ ਜੋਤੀ ਜੋਤ ਦਿਵਸ 'ਤੇ ਵਿਸ਼ੇਸ਼

ਧੰਨ ਗੁਰੂ ਅਮਰਦਾਸ ਜੀ ਗੁਣਾਂ ਦੇ ਖਜ਼ਾਨੇ ਹਨ। ਪੂਰਨ ਗੁਰੂ ਜਾਂ ਸਤਿਗੁਰੂ ਦਾ ਦੂਜਾ ਵੱਡਾ ਗੁਣ ਇਹ ਹੁੰਦਾ ਹੈ ਕਿ ਉਹ ਆਪ ਅੰਦਰੋਂ ਬਾਹਰੋਂ ਸੱਚਾ ਤੇ ਸੁੱਚੇ ਆਚਰਨ ਵਾਲਾ ਹੋਵੇ ਅਤੇ ਇਹ ਸੱਚ ਉਹ ਆਪਣੇ ਸਿੱਖ ਭਗਤਾਂ ਨੂੰ ਦ੍ਰਿੜ ਕਰਾਵੇ, ਤਾਂ ਜੋ ਉਸ ਗੁਰੂ ਦੇ ਦਰਸ਼ਨਾਂ ਨਾਲ ਤਨ ਤੇ ਮਨ ਸੀਤਲ ਹੋ ਜਾਵੇ ।ਗੁਰੂ ਅਮਰਦਾਸ ਜੀ ਦੀ ਵਡਿਆਈ ਵਿੱਚ ਭਾਈ ਗੁਰਦਾਸ ਜੀ ਲਿੱਖਦੇ ਹਨ ਕਿ:

**ਦੇਵੀ ਦੇਵ ਦੁੜਾਇਅਨੁ ਜਿਉ ਮਿਰਗਾਵਲਿ ਦੇਖਿ ਬਘੇਲਾ।**
**ਹੁਕਮਿ ਰਜਾਈ ਚਲਣਾ ਪਿਛੈ ਲਗੇ ਨਕਿ ਨਕੇਲਾ।**
**ਗੁਰਮੁਖਿ ਸਚਾ ਅਮਰ ਸੁਹੇਲਾ।**

ਭਾਵ ਕਿ ਗੁਰੂ ਅਮਰਦਾਸ ਜੀ ਸੱਚੇ ਗੁਰੂ ਸਦਾ ਅਨੰਦ ਗੁਰਮੁਖ ਰੂਪ ਵਿੱਚ ਪ੍ਰਕਾਸ਼ ਰਹੇ ਹਨ ।ਧੰਨ ਗੁਰੂ ਅਮਰਦਾਸ ਜੀ ਦੀ ਵਡਿਆਈ ਵਿੱਚ ਇੱਕ ਸ਼ਬਦ ਵਿੱਚ 'ਭੱਟ ਭਲ' ਜੀ ਵੀ ਇਹ ਕਹਿ ਕੇ ਸਤਿਕਾਰ ਦੇਂਦੇ ਹਨ ਕਿ:

'ਭਲੇ ਅਮਰਦਾਸ ਗੁਣ ਤੇਰੇ, ਤੇਰੀ ਉਪਮਾ ਤੋਹਿ ਬਨਿ ਆਵੈ'
ਅੰਗ- 1396

ਇਸ ਸ਼ਬਦ ਦਾ ਭਾਵ ਹੈ ਕਿ ਗੁਰੂ ਅਮਰਦਾਸ ਜੀ ਦੇ ਗੁਣ ਕੋਈ ਗਿਣ ਨਹੀ ਸਕਦਾ, ਕਿਉਂਕਿ ਉਹ ਆਪਣੇ ਵਰਗੇ ਆਪ


ਆਵਾਜ਼ਿ ਕੌਮ AWAZE QAUM
International Newspaper & WEB TV

ਹੀ ਹਨ ।ਸ੍ਰੀ ਗੁਰੂ ਅਮਰਦਾਸ ਜੀ ਬੜੇ ਹੀ ਸਾਦੇ ਸੁਭਾਅ, ਸਾਦੇ ਪਹਿਰਾਵੇ, ਸੁਹਿਰਦ ਅਤੇ ਭਗਤੀ ਭਾਵਨਾ ਵਾਲੇ ਸਨ। ਆਪ ਦਾ ਜਨਮ (ਮ.ਕੋ) 5 ਮਈ 1479 ਈ: ਨੂੰ ਪਿਤਾ ਭਾਈ ਤੇਜ ਭਾਨ ਜੀ ਭੱਲੇ ਖੱਤਰੀ ਤੇ ਮਾਤਾ ਸੁਲੱਖਣੀ ਜੀ ਦੇ ਉੱਦਰ ਤੋਂ ਪਿੰਡ ਬਾਸਰਕੇ ਗਿੱਲਾਂ ਛੇਹਰਟਾ ਜਿਲ੍ਹਾ ਅੰਮ੍ਰਿਤਸਰ ਵਿੱਚ ਹੋਇਆ। ਗੁਰੂ ਅਮਰਦਾਸ ਜੀ ਗੁਰੂ ਨਾਨਕ ਦੇਵ ਜੀ ਤੋਂ ਉਮਰ ਵਿੱਚ ਦਸ ਸਾਲ ਛੋਟੇ ਸਨ ਤੇ ਗੁਰੂ ਅੰਗਦ ਦੇਵ ਜੀ ਤੋਂ 25 ਸਾਲ ਵੱਡੇ ਸਨ ।ਆਪ ਭਾਈ ਅਮਰਦਾਸ ਜੀ, ਭਾਈ ਈਸ਼ਰਦਾਸ ਜੀ, ਭਾਈ ਬਾਬਾ ਖੇਮ ਰਾਇ ਜੀ ਤੇ ਭਾਈ ਮਾਣਕ ਚੰਦ ਜੀ ਚਾਰ ਭਾਈ ਸਨ। ਆਪ ਸਭ ਤੋਂ ਵੱਡੇ ਸਨ। ਆਪ ਦੇ ਸਭ ਤੋਂ ਛੋਟੇ ਭਾਈ ਮਾਣਕ ਚੰਦ ਦੇ ਸਪੁੱਤਰ ਜਸੂ ਜੀ ਨਾਲ ਸ੍ਰੀ ਗੁਰੂ ਅੰਗਦ ਦੇਵ ਜੀ ਦੀ ਸਪੁੱਤਰੀ ਬੀਬੀ ਅਮਰੋ ਜੀ ਵਿਆਹੇ ਹੋਏ ਸਨ ।23 ਸਾਲ ਦੀ ਉਮਰ ਵਿੱਚ 1502 ਈ: ਵਿੱਚ ਆਪ ਦਾ ਵਿਆਹ ਸਿਆਲਕੋਟ ਦੇ ਪਿੰਡ ਸਨਖਤ੍ਰਾ ਦੇ ਦੇਵੀ ਚੰਦ ਜੀ ਦੀ ਸਪੁੱਤਰੀ ਬੀਬੀ ਮਨਸਾ ਦੇਵੀ ਜੀ ਨਾਲ ਹੋਇਆ। ਮਾਤਾ ਮਨਸਾ ਦੇਵੀ ਜੀ ਬੜੀ ਹੀ ਨੇਕ ਤੇ ਧਾਰਮਿਕ ਵਿਚਾਰਾਂ ਵਾਲੇ ਸਨ।

ਆਪ ਜੀ ਦੇ ਗ੍ਰਹਿ ਦੋ ਪੁੱਤਰੀਆਂ ਬੀਬੀ ਦਾਨੀ ਜੀ, ਬੀਬੀ ਭਾਨੀ ਜੀ ਅਤੇ ਦੋ ਸਪੁੱਤਰ ਬਾਬਾ ਮੋਹਨ ਜੀ ਅਤੇ ਬਾਬਾ ਮੋਹਰੀ ਜੀ ਨੇ ਜਨਮ ਲਿਆ ।ਬੀਬੀ ਭਾਨੀ ਜੀ ਦਾ ਵਿਆਹ ਚੌਥੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਨਾਲ ਹੋਇਆ ਸੀ ।ਗੁਰੂ ਅਮਰਦਾਸ ਨੂੰ ਧਰਮ ਦੀ ਕਿਰਤ ਕਰਦਿਆਂ 1521 ਨੂੰ 42 ਵਰਿਆਂ ਦੇ ਹੋ ਗਏ ਸਨ, ਜਦ ਪਹਿਲੀ ਵਾਰ ਦੇਵੀ ਦਰਸਨਾਂ ਲਈ ਗਏ ।ਲਗਾਤਾਰ ਵੀਹ ਸਾਲ 1541 ਤੱਕ ਹਰ ਛੇ ਮਹੀਨੇ ਬਾਅਦ ਤੀਰਥ ਅਸਥਾਨਾਂ ਤੇ ਦੇਵੀ ਦੇ ਦਰਸ਼ਨਾਂ ਨੂੰ ਜਾਇਆ ਕਰਦੇ ਸਨ ।ਇੱਕ ਦਿਨ ਦੇਵੀ ਦਰਸ਼ਨਾਂ ਤੋਂ ਵਾਪਸ ਆਉਂਦਿਆਂ ਇੱਕ ਬ੍ਰਹਮਚਾਰੀ ਦੇ ਮੇਲ ਨੇ ਸਾਰੀ ਜ਼ਿੰਦਗੀ ਬਦਲ ਕੇ ਰੱਖ ਦਿੱਤੀ ।ਇਸ ਘਟਨਾ ਦਾ ਆਪ ਜੀ ਦੇ ਜੀਵਨ ਤੇ ਬੜਾ ਗਹਿਰਾ ਪ੍ਰਭਾਵ ਪਿਆ, ਜਿਸ ਨਾਲ ਗੁਰੂ ਧਾਰਨ ਦੀ ਚਾਹ ਪ੍ਰਬਲ ਹੋਈ। ਉਹ ਰਾਤ ਬੜੀ ਬੇਚੈਨੀ ਵਿੱਚ ਲੰਘੀ। ਅੰਮ੍ਰਿਤ ਵੇਲੇ ਆਪ ਜੀ ਦੀ ਨੂੰਹ ਬੀਬੀ ਅਮਰੋ ਜੀ ਦੇ ਕੋਲੋਂ ਇਹ ਸ਼ਬਦ

**ਮਾਰੂ ਮਹਲਾ 1 ਘਰੁ1 ।।**
**ਕਰਣੀ ਕਾਗਦੁ ਮਨੁ ਮਸਵਾਣੀ ਬੁਰਾ ਭਲਾ ਦੁਇ ਲੇਖ ਪਏ ।।**
**ਜਿਉ ਜਿਉ ਕਿਰਤੁ ਚਲਾਏ ਤਿਉ ਚਲੀਐ ਤਉ ਗੁਣ ਨਾਹੀ ਅੰਤੁ ਹਰੇ ।।1 ।।**
**ਚਿਤ ਚੇਤਸਿ ਕੀ ਨਹੀ ਬਾਵਰਿਆ ।।**
**ਹਰਿ ਬਿਸਰਤ ਤੇਰੇ ਗੁਣ ਗਲਿਆ ।।1 ।। ਰਹਾਉ ।।**
ਅੰਗ- 990

ਸੁਣ ਕੇ ਤਪਦੇ ਹਿਰਦੇ ਨੂੰ ਸ਼ਾਤੀ ਮਿਲੀ ਤੇ ਗੁਰੂ ਦਰਸ਼ਨਾਂ ਦੀ ਤਾਂਘ ਪੈਦਾ ਹੋਈ। ਜਦ ਆਪ ਨੇ ਬੀਬੀ ਅਮਰੋ ਜੀ ਦੇ ਨਾਲ




ਆ ਕੇ ਖਡੂਰ ਸਾਹਿਬ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਦਰਸ਼ਨ ਕੀਤੇ ਤਾਂ ਸਦਾ ਲਈ ਗੁਰੂ ਘਰ ਦੇ ਹੋ ਕੇ ਰਹਿ ਗਏ। ਗੁਰੂ ਅੰਗਦ ਦੇਵ ਜੀ ਲਈ ਅੰਮ੍ਰਿਤ ਵੇਲੇ ਜਲ ਦੀ ਗਾਗਰ ਲਿਆ ਕੇ ਇਸ਼ਨਾਨ ਕਰਾਉਣਾ ਤੇ ਲੰਗਰ ਦੀ ਸੇਵਾ ਕਰਨੀ ਆਪ ਜੀ ਦਾ ਨਿਤਨੇਮ ਬਣ ਚੁੱਕਾ ਸੀ ।ਜਦ ਆਪ ਜੀ ਦਾ ਮਿਲਾਪ ਗੁਰੂ ਜੀ ਨਾਲ ਹੋਇਆ ਤਾਂ ਆਪ ਜੀ ਦੀ ਉਮਰ 61 ਸਾਲਾਂ ਦੀ ਸੀ। ਆਪ ਨੇ ਲਗਾਤਾਰ 11 ਸਾਲ ਗੁਰੂ ਘਰ ਦੀ ਸੇਵਾ ਪੂਰਨ ਨਿਸ਼ਠਾ ਨਾਲ ਨਿਭਾਈ। ਜੁਲਾਹੀ ਦੇ ਅਮਰੂ ਨਿਥਾਵਾਂ ਕਹਿਣ ਤੇ ਆਪ ਨੂੰ ਗੁਰ ਅੰਗਦ ਦੇਵ ਜੀ ਨੇ ਬਾਰਾਂ ਵਰ ਦਿੱਤੇ ਕਿਹਾ ਨਿਥਾਵਿਆਂ ਦਾ ਥਾਂਵ, ਨਿਮਾਣਿਆਂ ਦਾ ਮਾਣ, ਨਿਤਾਣਿਆ ਦਾ ਤਾਣ, ਨਿਓਟਿਆਂ ਦੀ ਓਟ, ਨਿਆਸਰਿਆਂ ਦਾ ਆਸਰਾ, ਨਿਪੱਤਿਆਂ ਦੀ ਪੱਤ, ਨਿਗੱਤਿਆਂ ਦੀ ਗੱਤ, ਨਿਧਿਰਿਆਂ ਦੀ ਧਿਰ, ਨਿਲੱਜਿਆਂ ਦੀ ਲੱਜ, ਗਈ ਬਹੋੜ ਬੰਦੀ ਛੋੜ, ਭੰਨਣ ਘੜਣ ਸਮਰੱਥ, ਜਗ ਜੀਵਕਾ ਸਭ ਹੱਥ ਕਹਿ ਆਪ ਦੀ ਵਡਿਆਈ ਕੀਤੀ ਤੇ 1552 ਨੂੰ ਆਪ ਨੂੰ ਗੁਰਗੱਦੀ ਦੀ ਬਖਸ਼ਿਸ਼ ਕੀਤੀ। ਉਸ ਸਮੇਂ ਆਪ ਜੀ ਦੀ ਉਮਰ 73 ਵਰ੍ਹੇ ਦੀ ਹੋ ਚੁੱਕੀ ਸੀ। ਭਾਈ ਗੁਰਦਾਸ ਜੀ ਦੂਜੇ ਲਿੱਖਦੇ ਹਨ ਕਿ:

**ਤੀਸਰ ਮਹਲ ਅਮਰ ਪਰਧਾਨਾ।**
**ਜਿਨ ਘਟ ਮਹਿ ਨਿਰਖੇ ਹਰਿ ਭਗਵਾਨਾ।**
**ਜਲ ਭਰਿਉ ਸਤਿਗੁਰੂ ਕੇ ਦੁਆਰੇ।**
**ਤਬ ਇਹ ਪਾਇਉ ਮਹਲ ਅਪਾਰੇ।**

ਆਪ ਜੀ ਨੇ ਗੋਇੰਦਵਾਲ ਨਗਰ ਵਸਾ ਕੇ ਇਸ ਨੂੰ ਸਿੱਖੀ ਦਾ ਧੁਰਾ ਆਖਿਆ ਤੇ ਗੋਇੰਦਵਾਲ ਸਿੱਖੀ ਪ੍ਰਚਾਰ ਦਾ ਮੁੱਖ ਕੇਂਦਰ ਬਣਿਆ। ਆਪ ਨੇ ਸਿੱਖੀ ਦੇ ਪ੍ਰਚਾਰ ਲਈ 22 ਕੇਂਦਰ ਨਿਯੁਕਤ ਕੀਤੇ, ਜਿੰਨ੍ਹਾਂ ਨੂੰ ਮੰਜੀਆਂ ਆਖਿਆ ਜਾਂਦਾ ਹੈ। ਅੱਗੇ ਸਬ ਕੇਂਦਰ ਬਣਾਏ ਜਿੰਨ੍ਹਾਂ ਨੂੰ ਪੀੜ੍ਹੀਆਂ ਦਾ ਨਾਂ ਦਿੱਤਾ ਗਿਆ। ਉੱਚੇ ਸੁੱਚੇ ਤੇ ਸੱਚੇ ਕਿਰਦਾਰ ਵਾਲੇ ਸਿੱਖਾਂ ਨੂੰ ਸੇਵਾਦਾਰ ਥਾਪਿਆ ਗਿਆ। ਆਪ ਨੇ ਗਰੀਬ, ਮਜ਼ਲੂਮ ਤੇ ਦੱਬੇ ਕੁਚਲੇ ਲੋਕਾਂ ਨੂੰ ਮਾਨ-ਸਨਮਾਨ ਬਖਸ਼ਿਆ ਤੇ ਸੀਨੇ ਨਾਲ ਲਾਇਆ। ਲੰਗਰ ਦੀ ਮਰਿਆਦਾ ਵੱਲ ਆਪ ਨੇ ਵਿਸ਼ੇਸ਼ ਧਿਆਨ ਦਿੱਤਾ। ਗੁਰੂ ਦਰਸ਼ਨਾਂ ਲਈ ਆਈਆਂ ਸੰਗਤਾਂ ਲਈ ਪਹਿਲਾਂ ਲੰਗਰ ਛੱਕਣਾ ਆਪ ਨੇ ਜਰੂਰੀ ਬਣਾ ਦਿੱਤਾ ।'ਪਹਿਲੇ ਪੰਗਤ ਪਾਛੈ ਸੰਗਤ' ਅਕਬਰ ਬਾਦਸ਼ਾਹ ਨੇ ਵੀ ਪੰਗਤ ਵਿੱਚ ਬੈਠ ਕੇ ਲੰਗਰ ਛੱਕਿਆ ਸੀ। ਗੁਰੂ ਸਾਹਬ ਨੇ ਊਚ-ਨੀਚ, ਜਾਤ-ਪਾਤ ਨੂੰ ਖਤਮ ਕੀਤਾ ।ਉਸ ਸਮੇਂ ਦੌਰਾਨ ਔਰਤ ਦੀ ਬਹੁਤ ਦੁਰਦਸ਼ਾ ਹੋ ਰਹੀ ਸੀ। ਔਰਤ ਨੂੰ ਮਰਦ ਪ੍ਰਧਾਨ ਸਮਾਜ ਆਪਣੇ ਬਰਾਬਰ ਦਾ ਹੱਕ ਦੇਣ ਲਈ ਤਿਆਰ ਨਹੀ ਸੀ। ਗੁਰੂ ਸਾਹਬ ਨੇ ਸਦੀਆਂ ਤੋਂ ਚਲੀ ਆ ਰਹੀ ਸਤੀ ਪ੍ਰਥਾ ਦਾ ਅੰਤ ਕੀਤਾ। ਜਿਸ ਵਿੱਚ ਹਰ ਪਤਨੀ ਨੂੰ ਆਪਣੇ ਪਤੀ ਦੀ ਮੌਤ ਤੇ ਚਿਤਾ ਵਿੱਚ ਜਿੰਦਾ ਸਾੜ ਦਿੱਤਾ ਜਾਦਾ ਸੀ। ਜਿਹੜੀਆਂ ਇਸਤਰੀਆਂ ਨਾਂਹ ਕਰਦੀਆਂ ਸਨ। ਉਹਨਾਂ ਨੂੰ ਜਬਰਦਸਤੀ ਚਿਤਾ ਵਿੱਚ ਸੜਨ ਲਈ ਮਜ਼ਬੂਰ ਕੀਤਾ ਜਾਂਦਾ ਸੀ।

ਆਪ ਨੇ ਸਦੀਆਂ ਤੋਂ ਲਿਤਾੜੇ ਹੋਏ ਮਜ਼ਲੂਮ, ਅਨਪੜ੍ਹ ਤੇ ਗਰੀਬ ਲੋਕਾਂ ਨੂੰ ਭਰਮ-ਭੁਲੇਖੇ ਤੇ ਵਹਿਮਾਂ ਭਰਮਾਂ ਵਿੱਚੋਂ ਬਾਹਰ ਕੱਢਿਆ ਤੇ ਉਸ ਮਾਲਕ, ਉਸ ਅਕਾਲ ਪੁਰਖ ਦੇ ਚਰਨਾਂ ਨਾਲ ਜੁੜਨ ਦਾ ਰਾਹ ਦੱਸਿਆ ।ਆਪ ਨੇ ਸਮਾਜ ਵਿੱਚੋਂ ਮਨੁੱਖੀ ਸਮਾਨਤਾ ਨੂੰ ਪਹਿਲ ਦਿੱਤੀ, ਇਸਤਰੀ ਨੂੰ ਮਰਦ ਦੇ ਬਰਾਬਰ ਸਮਾਨਤਾ ਦਿੱਤੀ, ਪਰਦੇ ਦਾ ਰਿਵਾਜ ਹਟਾਇਆ (ਘੁੰਡ ਕੱਢਣਾ), ਸਤੀ ਦੀ ਰਸਮ ਨੂੰ ਰੋਕਿਆ, ਕੁੜੀ ਮਾਰਾਂ ਦਾ ਵਿਰੋਧ ਕੀਤਾ, ਵਿਧਵਾ ਵਿਆਹ ਤੇ ਅੰਤਰ ਸ਼ਰੇਣੀ ਵਿਆਹ ਨੂੰ ਇਜ਼ਾਜਤ ਦਿੱਤੀ, ਵਿਆਹ ਤੇ ਦਾਨ ਦਾ ਵਿਰੋਧ ਕੀਤਾ, ਨਸ਼ਿਆ ਦਾ ਵਿਰੋਧ ਕੀਤਾ, ਭਰਮ ਨਵਿਰਤੀ ਲੋਕਾਈ ਨੂੰ ਭਰਮ-ਭੁਲੇਖਿਆ 'ਚੌਂ ਕੱਢਿਆ, ਮਿਰਤਕ ਕੁਰੀਤੀਆਂ ਰੋਣ ਪਿੱਟਣ ਤੋਂ ਵਰਜਿਆ, ਮਰਨ ਸਮੇਂ ਦੀਵਾ ਜਗਾਣਾ, ਪਿੰਡ ਪੱਤਲ, ਬਬਾਣ ਕੱਢਣਾ (ਮਰੇ ਨੂੰ ਸਜਾਉਣਾ ਤੇ ਮਖਾਣੇ ਛੁਆਰੇ ਵੰਡਣੇ), ਘੜਾ ਭੰਨਣਾ, ਅਸਥੀਆਂ ਪ੍ਰਵਾਹ ਕਰਨੀਆਂ, ਭੂਤਾਂ ਪ੍ਰੇਤਾਂ ਤੇ ਕਿਰਿਆਂ ਕਰਨ ਵਰਗੇ ਹੋਰ ਵੀ ਅਨੇਕਾਂ ਵਹਿਮਾਂ ਭਰਮਾਂ ਤੋਂ ਵਰਜਿਆ। ਗੁਰੂ ਜੀ ਨੇ ਇੰਨ੍ਹਾਂ ਸਾਰੀਆਂ ਕੁਰੀਤੀਆਂ ਦਾ ਅੰਤ ਕੀਤਾ ਤੇ ਮਨੁੱਖ ਦੇ ਅੰਤ ਵੇਲੇ ਸਿਰਫ ਕੀਰਤਨ ਕਰਨ ਨੂੰ ਪਹਿਲ ਦਿੱਤੀ। ਉਸ ਪ੍ਰਭੂ ਪ੍ਰਮਾਤਮਾ ਨਾਲ ਮੇਲ ਮਿਲਾਪ ਦਾ ਰਾਹ ਸੱਚੀ ਬਾਣੀ ਪੜ੍ਹਨੀ ਦੱਸਿਆ। ਨਾਮ ਜੱਪਣਾ ਦੱਸਿਆ। ਦਸਾਂ ਨਹੁੰਆਂ ਦੀ ਹੱਥੀਂ ਕਿਰਤ ਕਰਨਾ ਦੱਸਿਆ। ਲੋੜਵੰਦਾਂ ਦੀ ਮਦਦ ਕਰਨਾਂ ਦੱਸਿਆ ਜੋ ਸਾਰੀ ਸੰਗਤ ਨੇ ਪ੍ਰਵਾਨ ਕੀਤਾ ।ਭਾਈ ਗੁਰਦਾਸ ਜੀ ਆਪ ਦੇ ਭਤੀਜੇ ਸਨ ਜੋ ਭਾਈ ਈਸ਼ਰਦਾਸ ਜੀ ਦੇ ਬੇਟੇ ਸਨ ।ਭਾਈ ਗੁਰਦਾਸ ਜੀ ਵਾਰ ਪਹਿਲੀ ਦੀ 46ਵੀਂ ਪਉੜੀ ਵਿੱਚ ਲਿੱਖਦੇ ਹਨ ਕਿ:

**ਲਹਣੇ ਪਾਈ ਨਾਨਕੋ ਦੇਣੀ ਅਮਰਦਾਸਿ ਘਰਿ ਆਈ।**
**ਗੁਰੂ ਬੈਠਾ ਅਮਰ ਸਰੂਪ ਹੋਇ ਗੁਰਮੁਖਿ ਪਾਈ ਦਾਤ ਇਲਾਹੀ।**
**ਫੇਰਿ ਵਸਾਇਆ ਗੋਇੰਦਵਾਲ, ਅਚਰਜੁ ਖੇਲੁ ਨ ਲਖਿਆ ਜਾਇ।**
**ਦਾਤਿ ਜੋਤਿ ਖਸਮੈ ਵਡਿਆਈ।**

ਭਾਈ ਗੁਰਦਾਸ ਜੀ ਇਸ ਸ਼ਬਦ ਵਿੱਚ ਦੱਸਦੇ ਹਨ ਕਿ: ਗੋਇੰਦਵਾਲ ਵਿਖੇ ਅਚਰਜ ਖੇਲ ਹੋ ਰਹਿਆ ਹੈ, ਜੋ ਬਿਆਨ ਨਹੀ ਕੀਤਾ ਜਾ ਸਕਦਾ। ਸ੍ਰੀ ਗੁਰੂ ਅਮਰਦਾਸ ਜੀ ਦੀ ਸਾਹਿਤ ਨੂੰ ਵੀ ਵਡਮੁੱਲੀ ਦੇਣ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਆਪ ਜੀ ਦੀ ਬਾਣੀ ਸਿਰੀ, ਮਾਝ, ਗਉੜੀ, ਆਸਾ, ਗੁਜਰੀ, ਵਡਹੰਸ, ਸੋਰਿਠ, ਧਨਾਸਰੀ, ਸੂਹੀ, ਬਿਲਾਵਲ, ਰਾਮਕਲੀ, ਮਾਰੂ, ਭੇਰਉ, ਬਸੰਤ, ਸਾਰੰਗ, ਮਲਾਰ ਤੇ ਪ੍ਰਭਾਤੀ 17 ਰਾਗਾਂ ਵਿੱਚ 907 ਸ਼ਬਦ ਹਨ। (ਮਹਾਨ ਕੋਸ਼ ਅਨੁਸਾਰ ਸ਼ਬਦਾਂ ਦੀ ਗਿਣਤੀ 869 ਹੈ) 'ਅਨੰਦ ਸਾਹਿਬ' ਆਪ ਜੀ ਦੀ ਮਹਾਨ ਰਚਨਾ ਹੈ। ਇਸ ਬਾਣੀ ਦਾ ਹਰ ਅਵਸਰ ਜਾਂ ਸਮਾਗਮ ਤੇ ਪਾਠ ਹੁੰਦਾ ਹੈ। 40 ਪਉੜੀਆਂ ਦੀ ਇਹ ਬਾਣੀ ਸ੍ਰੀ ਗੁਰੂ ਅਮਰਦਾਸ ਜੀ ਨੇ ਆਪਣੇ ਪੋਤਰੇ ਅਨੰਦ ਦੇ ਜਨਮ ਸਮੇਂ 1554 ਵਿੱਚ ਉਚਾਰਣ ਕੀਤੀ ਸੀ।


ਆਪ ਨੇ 'ਸਤਿਗੁਰੂ ਬਿਨ੍ਹਾਂ ਹੋਰ ਕੱਚੀ ਹੈ ਬਾਣੀ' ਦੀ ਚੇਤਾਵਨੀ ਦੇ ਕੇ ਸੰਗਤਾਂ ਨੂੰ ਸੱਚੀ ਬਾਣੀ ਨਾਲ ਜੋੜਿਆ। ਗੋਇੰਦਵਾਲ ਸਾਹਬ ਵਿੱਚ 84 ਪਉੜੀਆਂ ਵਾਲੀ ਬਾਉਲੀ ਆਪ ਦੀ ਉੱਤਮ ਦੇਣ ਹੈ। ਜ਼ਿਆਦਾ ਸਮਾਂ ਆਪ ਮਾਝੇ ਵਿੱਚ ਹੀ ਰਹੇ। ਆਪ ਨੇ ਗੁਮਟਾਲਾ, ਤੁੰਗ, ਸੁਲਤਾਨਵਿੰਡ ਅਤੇ ਗਿਲਵਾਲੀ ਆਦਿ ਪਿੰਡਾਂ ਲਾਗੇ 1570 ਨੂੰ ਅੰਮ੍ਰਿਤਸਰ ਵਸਾਉਣ ਲਈ ਮੋਹੜੇ ਗਡਵਾਏ ਤੇ ਉਸ ਅਸਥਾਨ ਦਾ ਨਾਂ ਚੱਕ-ਗੁਰੂ ਰੱਖਿਆ । ਜਿਸਦਾ ਕੰਮ ਗੁਰੂ ਰਾਮਦਾਸ ਜੀ ਨੇ ਆਪਣੀ ਨਿਗਰਾਨੀ ਹੇਠ ਆਪ ਕਰਵਾਇਆ। ਆਪ (ਮ.ਕੋ) 95 ਵਰੇ 3 ਮਹੀਨੇ ਤੇ 27 ਦਿਨ ਦੀ ਆਯੂ ਵਿੱਚੋਂ 22 ਸਾਲ 5 ਮਹੀਨੇ ਗੁਰਗੱਦੀ ਤੇ ਬਿਰਾਜਮਾਨ ਰਹੇ। ਆਪ 1 ਸਤੰਬਰ 1574 ਨੂੰ ਗੁਰਗੱਦੀ ਸ੍ਰੀ ਗੁਰੂ ਰਾਮਦਾਸ ਜੀ ਨੂੰ ਸੌਂਪ ਕੇ ਗੋਇੰਦਵਾਲ ਸਾਹਿਬ ਵਿਖੇ ਜੋਤੀ ਜੋਤ ਸਮਾਂ ਗਏ ।ਗੁਰੂ ਅਮਰਦਾਸ ਜੀ ਦੇ 452ਵੇਂ ਜੋਤੀ ਜੋਤ ਦਿਵਸ ਨੂੰ ਸਮਰਪਿਤ ਸਲਾਨਾ ਜੋੜ੍ਹ ਮੇਲਾ ਗੁ. ਬਾਉਲੀ ਸਾਹਬ ਗਇੰਦਵਾਲ ਸਾਹਿਬ 'ਚ ਮਨਾਇਆ ਜਾ ਰਿਹਾ ਹੈ। 26 ਸਤੰਬਰ ਦਿਨ ਸ਼ਨੀਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ। ਸੰਤ ਮਹਾਂਪੁਰਸ਼ ਤੇ ਗੁਰੂ ਪਿਆਰੇ ਗੋਇੰਦਵਾਲ ਸਾਹਿਬ ਪਹੁੰਚ ਰਹੇ ਹਨ। ਸਭ ਸੰਗਤਾਂ ਹੁੰਮ-ਹਮਾ ਕੇ ਗੁਰੂ ਘਰ ਪਹੁੰਚੋ ਜੀ।

**-ਧਰਮਿੰਦਰ ਸਿੰਘ (ਚੱਬਾ), ਪਿੰਡ ਤੇ ਡਾਕ:ਚੱਬਾ, ਤਰਨ ਤਾਰਨ ਰੋਡ, ਅੰਮ੍ਰਿਤਸਰ-143022**

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net


ਪੜੀਐ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243





ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ - ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ





ਧੰਨ-ਧੰਨ ਮਾਤਾ ਸਾਹਿਬ ਕੌਰ ਜੀ





ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਮਤਿ ਸਮਾਗਮ
1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।
ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ
ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।
ਨੋਟ : ਇਹ ਸਮਾਗਮ 13 ਦਿਨ ਚੱਲੇਗਾ
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।





ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਵਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਵਿੱਲੋਂ, ਜ: ਮਹਿਤਾਬ ਸਿੰਘ ਵਿੱਲੋਂ
ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV


ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥
Antim Ardaas
S. Onkar Singh Hundal
Left for his heavenly abode on
Sunday 20-Sep-2026
Program
Antim Ardaas
on 27-Sep-2026 at Gurudwara Shri Singh Sabha,
Phase-11, Mohali
1:30 PM to 2:30 PM
followed by Langar
Grief stricken
Hundal Family
ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫ਼ਤਿਹ!
ਆਵਾਜ਼ਿ ਕੌਮ
AWAZE QAUM
International Newspaper & WEB TV

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)

(ਬੱਕਰਾਂ ਦੇ ਹਾਈ ਕੋਰਟ)

## ਮਿਤੀ 1 ਨਵੰਬਰ 2026 ਦਿਨ ਐਤਵਾਰ

ਨੂੰ ਸ੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ ।

ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।**



## 30 ਅਕਤੂਬਰ 2026 ਦਿਨ ਸ਼ੁੱਕਰਵਾਰ

ਅਰੰਭ ਸ੍ਰੀ ਅਖੰਡ ਪਾਠ ਸਾਹਿਬ — 10-00 ਵਜੇ ਸਵੇਰੇ

## 1 ਨਵੰਬਰ 2026 ਦਿਨ ਐਤਵਾਰ ਨੂੰ

ਭੋਗ ਸ੍ਰੀ ਅਖੰਡ ਪਾਠ ਸਾਹਿਬ — 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ ।

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ




ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137
ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਗੁਰਮਤਿ ਸਮਾਗਮ

☛ ਜੋਤੀ ਜੋਤ : ਧੰਨ ਸ਼੍ਰੀ ਗੁਰੂ ਅਮਰਦਾਸ ਸਾਹਿਬ ਜੀ। ☛ ਗੁਰਤਾ ਗੱਦੀ : ਧੰਨ ਸ਼੍ਰੀ ਗੁਰੂ ਰਾਮਦਾਸ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।





ਕੀਰਤਨੀ ਜਥਾ ਰਾਗੀ ਭਾਈ ਸਤਿੰਦਰ ਸਿੰਘ ਗੁਰਦਾਸਪੁਰ ਵਾਲੇ

☛ ਸ਼ਨਿੱਚਰਵਾਰ 26 ਸਤੰਬਰ ਸ਼ਾਮ ਨੂੰ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।

☛ ਹਰ ਐਤਵਾਰ 27 ਸਤੰਬਰ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:30 ਵਜੇ ਭੋਗ ਪੈਣ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕੀਰਤਨੀ ਜਥਾ ਰਾਗੀ ਭਾਈ ਸਤਿੰਦਰ ਸਿੰਘ ਜੀ ਵਿਸ਼ੇਸ਼ ਤੌਰ ਤੇ ਪੰਜਾਬ ਦੀ ਧਰਤੀ ਤੋਂ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap 26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

### ਜੈਸ਼ੰਕਰ ਦੇ ਨਿਊਯਾਰਕ ਦੌਰੇ ਦੌਰਾਨ ਈਸਟ ਕੋਸਟ ਦੀਆਂ

# ਸਿੱਖ ਜੱਥੇਬੰਦੀਆਂ ਵੱਲੋਂ 26 ਸੰਤਬਰ ਨੂੰ ਹੋਵੇਗਾ ਭਾਰੀ ਰੋਸ ਪ੍ਰਦਰਸ਼ਨ




**ਨਵੀਂ ਦਿੱਲੀ 25 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**-ਈਸਟ ਕੋਸਟ ਦੀਆਂ ਸਮੂਹ ਸਬੰਧਤ ਸਿੱਖ ਜੱਥੇਬੰਦੀਆਂ ਵੱਲੋਂ ਭਾਰਤ ਦੇ ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਦੇ ਨਿਊਯਾਰਕ ਦੌਰੇ ਦੌਰਾਨ ਵਿਰੋਧ ਪ੍ਰਦਰਸ਼ਨ ਉਲੀਕਿਆ ਗਿਆ ਹੈ। ਇਹ ਪ੍ਰਦਰਸ਼ਨ 26 ਸਤੰਬਰ ਨੂੰ ਸੰਯੁਕਤ ਰਾਸ਼ਟਰ ਦੇ ਮੁੱਖ ਦਫ਼ਤਰ ਦੇ ਨੇੜੇ ਕੀਤਾ ਜਾਵੇਗਾ। ਪ੍ਰਬੰਧਕਾਂ ਵੱਲੋਂ ਕਿਹਾ ਗਿਆ ਹੈ ਕਿ ਇਸ ਮੌਕੇ ਸਿੱਖਾਂ ਨਾਲ ਸਬੰਧਤ ਹੱਕਾਂ, ਮਨੁੱਖੀ ਅਧਿਕਾਰਾਂ ਅਤੇ ਸਿਆਸੀ ਮਸਲਿਆਂ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਉਠਾਇਆ ਜਾਵੇਗਾ। ਇਸ ਮੌਕੇ ਵੱਖ ਵੱਖ ਜੱਥੇਬੰਦੀਆਂ ਦੇ ਬੁਲਾਰਿਆਂ ਵਲੋਂ ਸਿੱਖ ਪੱਖ ਨਾਲ ਸਬੰਧਤ ਮੁੱਦੇ ਉਠਾਏ ਜਾਣਗੇ । ਹਿੰਮਤ ਸਿੰਘ ਵੱਲੋਂ ਜਾਰੀ ਬਿਆਨ ਵਿੱਚ ਕਿਹਾ ਗਿਆ ਹੈ ਕਿ ਸਿੱਖਾਂ ਨਾਲ ਸਬੰਧਤ ਹੱਕਾਂ, ਮਨੁੱਖੀ ਅਧਿਕਾਰਾਂ ਅਤੇ ਸਿਆਸੀ ਮਸਲਿਆਂ ਨੂੰ ਅੰਤਰਰਾਸ਼ਟਰੀ ਮੰਚ 'ਤੇ ਉਠਾਉਣਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸਿੱਖ ਭਾਈਚਾਰਾ ਆਪਣੇ ਮੁੱਦਿਆਂ ਨੂੰ ਸੰਯੁਕਤ ਰਾਸ਼ਟਰ ਦੇ ਮੰਚ ਦੇ ਨੇੜੇ ਉਠਾ ਕੇ ਦੁਨੀਆ ਦਾ ਧਿਆਨ ਇਨ੍ਹਾਂ ਮਸਲਿਆਂ ਵੱਲ ਖਿੱਚਣਾ ਚਾਹੁੰਦਾ ਹੈ। ਨਿਊਯਾਰਕ ਵਿੱਚ ਹਿੰਮਤ ਸਿੰਘ ਨਾਲ ਜੁੜਿਆ ਵਿਰੋਧ ਪਹਿਲਾਂ ਵੀ ਚਰਚਾ ਵਿੱਚ ਆ ਚੁੱਕਾ ਹੈ। ਨਵੰਬਰ 2023 ਵਿੱਚ ਭਾਰਤ ਦੇ ਤਤਕਾਲੀ ਅਮਰੀਕੀ ਰਾਜਦੂਤ ਤਰਨਜੀਤ ਸਿੰਘ ਸੰਧੂ ਦੇ ਲਾਂਗ ਆਇਲੈਂਡ ਸਥਿਤ ਹਿਕਸਵਿਲ ਗੁਰਦੁਆਰਾ ਸਾਹਿਬ ਦੌਰੇ ਦੌਰਾਨ ਕੁਝ ਪ੍ਰਦਰਸ਼ਨਕਾਰੀਆਂ ਵੱਲੋਂ ਉਨ੍ਹਾਂ ਦਾ ਵਿਰੋਧ ਕੀਤਾ ਗਿਆ ਸੀ। ਉਸ ਸਮੇਂ ਦੀਆਂ ਮੀਡੀਆ ਰਿਪੋਰਟਾਂ ਵਿੱਚ ਇਸ ਵਿਰੋਧ ਦੀ ਅਗਵਾਈ ਹਿੰਮਤ ਸਿੰਘ ਨਾਲ ਜੋੜੀ ਗਈ ਸੀ। ਹੁਣ 26 ਸਤੰਬਰ ਦਾ ਪ੍ਰਦਰਸ਼ਨ ਈਸਟ ਕੋਸਟ ਦੀਆਂ ਸਿੱਖ ਜੱਥੇਬੰਦੀਆਂ ਵੱਲੋਂ ਆਪਣੇ ਇਤਰਾਜ਼ ਅਤੇ ਮੰਗਾਂ ਅੰਤਰਰਾਸ਼ਟਰੀ ਪੱਧਰ 'ਤੇ ਦਰਜ ਕਰਵਾਉਣ ਦੀ ਇੱਕ ਹੋਰ ਕੋਸ਼ਿਸ਼ ਵਜੋਂ ਸਾਹਮਣੇ ਆ ਰਿਹਾ ਹੈ। ਪ੍ਰਬੰਧਕਾਂ ਵੱਲੋਂ ਸਿੱਖ ਸੰਗਤ ਨੂੰ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਗਈ ਹੈ।

### ਤਲਵੰਡੀ ਸਾਬੋ ਹਲਕੇ ਲਈ ਡਾ. ਰਵੀ ਕਾਂਤ ਗੁਪਤਾ ਵੱਲੋਂ ਇੱਕ ਹੋਰ ਤੋਹ.ਫਾ

# 12 ਸਾਲਾਂ ਦੀ ਉਡੀਕ ਹੋਈ ਖ਼ਤਮ: ਤਲਵੰਡੀ ਸਾਬੋ ਦਾ ਨਸ਼ਾ ਮੁਕਤੀ ਕੇਂਦਰ ਮੁੜ ਖੁੱਲ੍ਹਣ ਲਈ ਤਿਆਰ






**ਤਲਵੰਡੀ ਸਾਬੋ, 25 ਸਤੰਬਰ (ਗੁਰਜੰਟ ਸਿੰਘ ਨਥੇਹਾ)**-ਤਲਵੰਡੀ ਸਾਬੋ ਅਤੇ ਇਲਾਕੇ ਦੇ ਲੋਕਾਂ ਲਈ ਵੱਡੀ ਖੁਸ਼ਖਬਰੀ ਸਾਹਮਣੇ ਆਈ ਹੈ। ਪਿਛਲੇ ਕਰੀਬ 12 ਸਾਲਾਂ ਤੋਂ ਬੰਦ ਪਿਆ ਨਸ਼ਾ ਮੁਕਤੀ ਕੇਂਦਰ ਹੁਣ ਮੁੜ ਚਾਲੂ ਹੋਣ ਜਾ ਰਿਹਾ ਹੈ। ਕੇਂਦਰ ਨੂੰ ਲੋੜੀਂਦੀ ਮਨਜ਼ੂਰੀ ਮਿਲਣ ਦੇ

## ਲਾਇਸੈਂਸ ਮਿਲਿਆ, ਤਿੰਨ-ਚਾਰ ਦਿਨਾਂ ਵਿੱਚ ਰਸਮੀ ਤੌਰ 'ਤੇ ਸ਼ੁਰੂ ਕਰਨ ਦੀ ਤਿਆਰੀ- ਐੱਸ.ਐੱਮ.ਓ. ਡਾ. ਰਵੀ ਕਾਂਤ ਗੁਪਤਾ




ਨਾਲ ਇਸ ਦਾ ਲਾਇਸੈਂਸ ਵੀ ਪ੍ਰਾਪਤ ਹੋ ਗਿਆ ਹੈ। ਸਿਹਤ ਵਿਭਾਗ ਵੱਲੋਂ ਹੁਣ ਇਸ ਨੂੰ ਜਲਦ ਹੀ ਰਸਮੀ ਤੌਰ 'ਤੇ ਸ਼ੁਰੂ ਕਰਨ ਦੀ ਤਿਆਰੀ ਕੀਤੀ ਜਾ ਰਹੀ ਹੈ।ਇਸ ਸਬੰਧੀ ਖੁਸ਼ੀ ਪ੍ਰਗਟ ਕਰਦਿਆਂ ਸੀਨੀਅਰ ਮੈਡੀਕਲ ਅਫਸਰ ਤਲਵੰਡੀ ਸਾਬੋ ਡਾ. ਰਵੀ ਕਾਂਤ ਗੁਪਤਾ ਨੇ ਕਿਹਾ ਕਿ ਇਹ ਸਮੁੱਚੇ ਤਲਵੰਡੀ ਸਾਬੋ ਵਾਸੀਆਂ ਲਈ ਬਹੁਤ ਵੱਡੀ ਖੁਸ਼ਖਬਰੀ ਹੈ। ਉਨ੍ਹਾਂ ਕਿਹਾ ਕਿ ਲੋਕ ਲੰਮੇ ਸਮੇਂ ਤੋਂ ਉਡੀਕ ਕਰ ਰਹੇ ਸਨ ਕਿ ਇੱਥੇ ਨਸ਼ਾ ਮੁਕਤੀ ਕੇਂਦਰ ਮੁੜ ਖੁੱਲ੍ਹੇ ਅਤੇ ਹੁਣ ਇਹ ਉਡੀਕ ਖ਼ਤਮ ਹੋਣ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਦੀ ਰਹਿਨੁਮਾਈ ਅਤੇ ਸਿਹਤ ਮੰਤਰੀ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਕੇਂਦਰ ਨੂੰ ਮੁੜ ਚਾਲੂ ਕਰਨ ਲਈ ਪਿਛਲੇ ਕਰੀਬ ਡੇਢ ਸਾਲ ਤੋਂ ਲਗਾਤਾਰ ਯਤਨ ਕੀਤੇ ਜਾ ਰਹੇ ਸਨ। ਹੁਣ ਕੇਂਦਰ ਦੀ ਮੁੜ ਅਪਰੂਵਲ ਮਿਲਣ ਦੇ ਨਾਲ ਲਾਇਸੈਂਸ ਵੀ ਪ੍ਰਾਪਤ ਹੋ ਗਿਆ ਹੈ। ਡਾ. ਗੁਪਤਾ ਨੇ ਇਸ ਕਾਰਜ ਲਈ ਮੁੱਖ ਮੰਤਰੀ ਪੰਜਾਬ ਅਤੇ ਹਲਕਾ ਤਲਵੰਡੀ ਸਾਬੋ ਦੀ ਵਿਧਾਇਕਾ ਕੈਬਨਿਟ ਰੈਂਕ ਪ੍ਰੋ. ਬਲਜਿੰਦਰ ਕੌਰ ਦੇ ਸਹਿਯੋਗ ਦਾ ਵੀ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ ਇਸ ਕੇਂਦਰ ਦੇ ਮੁੜ ਚਾਲੂ ਹੋਣ ਨਾਲ ਨਸ਼ੇ ਦੀ ਸਮੱਸਿਆ ਨਾਲ ਜੂਝ ਰਹੇ ਲੋਕਾਂ ਨੂੰ ਇਲਾਜ ਦੀ ਸਹੂਲਤ ਆਪਣੇ ਇਲਾਕੇ ਵਿੱਚ ਹੀ ਮਿਲ ਸਕੇਗੀ। ਐੱਸ.ਐੱਮ.ਓ. ਨੇ ਕਿਹਾ ਕਿ ਉਹ ਪਿਛਲੇ ਡੇਢ ਸਾਲ ਤੋਂ ਤਲਵੰਡੀ ਸਾਬੋ ਦੇ ਹਸਪਤਾਲ ਵਿੱਚ ਸਿਹਤ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਯਤਨਸ਼ੀਲ ਹਨ। ਇਸ ਦੌਰਾਨ ਵੱਖ-ਵੱਖ ਵਿਭਾਗਾਂ ਵਿੱਚ ਡਾਕਟਰਾਂ ਅਤੇ ਲੋੜੀਂਦੇ ਸਟਾਫ ਦੀ ਘਾਟ ਨੂੰ ਪੂਰਾ ਕਰਨ, ਮਰੀਜ਼ਾਂ ਨੂੰ ਲੋੜੀਂਦੀਆਂ ਦਵਾਈਆਂ ਮੁਹੱਈਆ ਕਰਵਾਉਣ ਅਤੇ ਹਸਪਤਾਲ ਆਉਣ ਵਾਲੇ ਮਰੀਜ਼ਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ, ਇਸ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤੀ ਕੇਂਦਰ ਪਿਛਲੇ ਲੰਮੇ ਸਮੇਂ ਤੋਂ ਬੰਦ ਪਿਆ ਹੋਣ ਕਾਰਨ ਇਲਾਕੇ ਦੇ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਹੁਣ ਕੇਂਦਰ ਦੇ ਮੁੜ ਚਾਲੂ ਹੋਣ ਨਾਲ ਤਲਵੰਡੀ ਸਾਬੋ ਸ਼ਹਿਰ ਸਮੇਤ ਆਸ-ਪਾਸ ਦੇ ਪਿੰਡਾਂ ਦੇ ਲੋਕਾਂ ਨੂੰ ਵੱਡਾ ਲਾਭ ਮਿਲੇਗਾ। ਡਾ. ਰਵੀ ਕਾਂਤ ਗੁਪਤਾ ਨੇ ਉਮੀਦ ਜਤਾਈ ਕਿ ਆਉਣ ਵਾਲੇ ਤਿੰਨ-ਚਾਰ ਦਿਨਾਂ ਵਿੱਚ ਇੱਕ ਵਿਸ਼ੇਸ਼ ਸਮਾਗਮ ਕਰਵਾ ਕੇ ਨਸ਼ਾ ਮੁਕਤੀ ਕੇਂਦਰ ਨੂੰ ਰਸਮੀ ਤੌਰ 'ਤੇ ਸ਼ੁਰੂ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕੇਂਦਰ ਦੇ ਚਾਲੂ ਹੋਣ ਨਾਲ ਨਸ਼ੇ ਦੀ ਲਤ ਨਾਲ ਜੂਝ ਰਹੇ ਲੋਕਾਂ ਨੂੰ ਇਲਾਜ ਅਤੇ ਨਸ਼ਾ ਛੁਡਾਉਣ ਲਈ ਮਹੱਤਵਪੂਰਨ ਸਿਹਤ ਸਹੂਲਤ ਮਿਲੇਗੀ।

# ਗੁਰੂ ਕਾਸ਼ੀ ਯੂਨੀਵਰਸਿਟੀ ਵਿਖੇ "ਆਰਟੀਫਿਸ਼ੀਅਲ ਇੰਟੈਲੀਜੈਂਸ" ਤੇ ਸਿਖਲਾਈ ਦੌਰਾਨ ਵਿਚਾਰ ਚਰਚਾ ਜਾਰੀ




**ਤਲਵੰਡੀ ਸਾਬੋ, 25 ਸਤੰਬਰ (ਗੁਰਜੰਟ ਸਿੰਘ ਨਥੇਹਾ)**- ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ, ਦੀ ਸਯਾਜੀਰਾਓ ਯੂਨੀਵਰਸਿਟੀ ਬੜੌਦਾ, ਵਡੋਦਰਾ, ਗੁਜਰਾਤ ਦੇ ਸਹਿਯੋਗ ਨਾਲ ਯੂਨੀਵਰਸਿਟੀ ਗ੍ਰਾਂਟ ਕਮਿਸ਼ਨ ਵੱਲੋਂ ਪ੍ਰਾਯੋਜਿਤ "ਉੱਚ ਸਿੱਖਿਆ ਵਿੱਚ ਆਰਟੀਫਿਸ਼ੀਅਲ ਇੰਟੈਲੀਜੈਂਸ: ਡਿਜੀਟਲ ਅਧਿਆਪਨ ਵਿਧੀ ਅਤੇ ਇਮਾਨਦਾਰੀ ਵਿਚਕਾਰ ਤਾਲ-ਮੇਲ" ਵਿਸ਼ੇ ਤੇ ਜਾਰੀ 12 ਰੋਜ਼ਾ ਰਿਫਰੈਸ਼ਰ ਕੋਰਸ ਵਿੱਚ ਭਾਰਤ ਦੇ ਨਾਮਵਰ ਸਿੱਖਿਆ ਸ਼ਾਸਤਰੀਆਂ ਅਤੇ ਵਿਸ਼ਾ ਮਾਹਿਰਾਂ ਵੱਲੋਂ ਏ.ਆਈ. ਦੇ ਖੇਤਰ ਵਿੱਚ ਆ ਰਹੀਆਂ ਚਣੌਤੀਆਂ, ਸਮਾਧਾਨ ਅਤੇ ਭਵਿੱਖ ਦੀਆਂ ਸੰਭਾਵਨਾਵਾਂ ਤੇ ਵਿਚਾਰ ਚਰਚਾ ਜਾਰੀ ਹੈ। ਰਿਫਰੈਸ਼ਰ ਕੋਰਸ ਦੌਰਾਨ ਗੁਰੂ ਜੰਭੇਸ਼ਵਰ ਯੂਨੀਵਰਸਿਟੀ ਦੇ ਡਾ. ਉਮੇਸ਼ ਆਰੀਆ ਨੇ ਕਿਹਾ ਕਿ ਜ਼ਿੰਮੇਵਾਰ ਏ.ਆਈ. ਅਤੇ ਮਨੁੱਖੀ ਖੋਜਾਰਾਥੀਆਂ ਵਿਚਕਾਰ ਤਾਲ-ਮੇਲ ਹੋਣਾ ਜ਼ਰੂਰੀ ਹੈ। ਉਹਨਾਂ ਮਸਨੂਈ ਬੁੱਧੀ ਦੀ ਵਰਤੋਂ ਸਮੇਂ ਮਨੁੱਖੀ ਨਿਗਰਾਨੀ, ਅਕਾਦਮਿਕ ਕਦਰਾਂ-ਕੀਮਤਾਂ ਅਤੇ ਨੈਤਿਕ ਮਾਪਦੰਡਾਂ ਨੂੰ ਕਾਇਮ ਰੱਖਣ ਦੀ ਮਹੱਤਤਾ ਤੇ ਜ਼ੋਰ ਦਿੱਤਾ। ਜੀ.ਕੇ.ਯੂ ਦੇ ਐਸੋਸੀਏਟ ਪ੍ਰੋਫੈਸਰ ਡਾ. ਕਵਿਤਾ ਬਤੱਰਾ ਨੇ ਅਧਿਆਪਕਾਂ ਨੂੰ ਏ.ਆਈ. ਅਧਾਰਿਤ ਸਾਧਨਾਂ ਨੂੰ ਸਮਝਣ, ਉਨ੍ਹਾਂ ਦੀ ਪ੍ਰਭਾਵਸ਼ੀਲਤਾ ਦਾ ਮੁਲਾਂਕਣ ਅਤੇ ਅਕਾਦਮਿਕ ਮਾਹੌਲ ਵਿੱਚ ਉੱਚਿਤ ਢੰਗ ਨਾਲ ਵਰਤੋਂ ਦੇ ਨੁਕਤੇ ਸਾਂਝੇ ਕੀਤੇ। ਕੁਆਰਡੀਨੇਟਰ ਡਾ. ਅਮਿਤ ਟੁਟੇਜਾ ਤੇ ਡੀਨ ਡਾ. ਸਤੀਸ਼ ਕੁਮਾਰ ਨੇ ਵੱਖ-ਵੱਖ ਅਕਾਦਮਿਕ ਸੈਸ਼ਨਾਂ ਰਾਹੀਂ ਏ.ਆਈ. ਦੀ ਮਦਦ ਨਾਲ ਪਾਠ ਯੋਜਨਾਵਾਂ ਤਿਆਰ ਕਰਨ, ਸਿੱਖਣ ਦੇ ਉਦੇਸ਼ਾਂ ਅਨੁਸਾਰ ਪਾਠਕ੍ਰਮ ਤਿਆਰ ਕਰਨ ਸੰਬੰਧੀ ਵਿਹਾਰਕ ਜਾਣਕਾਰੀ ਸਾਂਝੀ ਕੀਤੀ। ਡਾ. ਅਰੁਣਾ ਨੇ ਵਿੱਦਿਅਕ ਯੋਜਨਾਵਾਂ ਅਤੇ ਸਿਖਲਾਈ ਗਤੀਵਿਧੀਆਂ ਸੰਬੰਧੀ ਵਿਸ਼ੇ ਤੇ ਸੈਸ਼ਨ ਲਿਆ। ਸਹਾਇਕ ਪ੍ਰੋਫੈਸਰ ਸਿੱਖਿਆ ਡਾ. ਪ੍ਰਵੀਨ ਕੁਮਾਰ ਟੀ.ਡੀ, ਡਾ. ਹਰੀ ਸਿੰਘ ਗੌਰ ਯੂਨੀਵਰਸਿਟੀ, ਮੱਧ-ਪ੍ਰਦੇਸ਼, ਨੇ ਵੀ "ਏ.ਆਈ. ਪੈਡਾਗੋਜੀਕਲ ਅਸਿਸਟੈਂਸ" ਵਿਸ਼ੇ ਤੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਕਲਾਸਾਂ ਵਿੱਚ ਵਿਦਿਆਰਥੀਆਂ ਦੀ ਗਿਣਤੀ ਵਧਾਉਣ ਅਤੇ ਸਿੱਖਿਆ ਸੰਬੰਧੀ ਗਤੀਵਿਧੀਆਂ ਵਿੱਚ ਏ.ਆਈ. ਸਹਾਈ ਹੋ ਸਕਦੀ ਹੈ। ਇਸ ਬਾਰੇ ਜਾਣਕਾਰੀ ਸਾਂਝੀ ਕੀਤੀ। ਸਾਨੂੰ ਸਮਝਣਾ ਚਾਹੀਦਾ ਹੈ ਕਿ ਏ.ਆਈ. ਨੂੰ ਗਿਆਨਵਾਨ ਅਧਿਆਪਕਾਂ ਦੀ ਮਦਦ ਲਈ ਵਰਤੋਂ ਵਿੱਚ ਲਿਆਉਣਾ ਚਾਹੀਦਾ ਹੈ, ਨਾਂ ਕਿ ਉਹਨਾਂ ਦੇ ਬਦਲ ਵਜੋਂ।

# ਰੋਜ਼ਾਨਾ ਜੀਵਨ ਵਿੱਚ ਖੇਡਾਂ ਦਾ ਘਟਦਾ ਰੁਝਾਨ: ਬੱਚਿਆਂ ਦੀ ਸਿਹਤ ਲਈ ਵਧਦਾ ਖਤਰਾ

## ਖੇਡਾਂ ਤੋਂ ਦੂਰ ਹੋ ਰਹੀ ਨੌਜਵਾਨ ਪੀੜ੍ਹੀ, ਮੋਬਾਈਲ ਅਤੇ ਸਕ੍ਰੀਨ ਟਾਈਮ ਬਣ ਰਹੀ ਵੱਡੀ ਚੁਣੌਤੀ





ਅੱਜ ਦੇ ਆਧੁਨਿਕ ਅਤੇ ਤਕਨਾਲੋਜੀ-ਕੇਂਦਰਿਤ ਦੌਰ ਵਿੱਚ ਬੱਚਿਆਂ ਦੀ ਜੀਵਨ-ਸ਼ੈਲੀ ਵਿੱਚ ਤੇਜ਼ੀ ਨਾਲ ਬਦਲਾਅ ਆ ਰਿਹਾ ਹੈ। ਕੁਝ ਦਹਾਕੇ ਪਹਿਲਾਂ ਬੱਚਿਆਂ ਦਾ ਵੱਡਾ ਹਿੱਸਾ ਆਪਣਾ ਖਾਲੀ ਸਮਾਂ ਮੈਦਾਨਾਂ, ਪਾਰਕਾਂ ਅਤੇ ਗਲੀਆਂ ਵਿੱਚ ਖੇਡਦਿਆਂ ਬਿਤਾਉਂਦਾ ਸੀ। ਅੱਜ ਮੋਬਾਈਲ ਫੋਨ, ਟੈਲੀਵਿਜ਼ਨ, ਵੀਡੀਓ ਗੇਮਾਂ, ਸੋਸ਼ਲ ਮੀਡੀਆ ਅਤੇ ਹੋਰ ਡਿਜੀਟਲ ਮਨੋਰੰਜਨ ਨੇ ਬੱਚਿਆਂ ਦੇ ਰੋਜ਼ਾਨਾ ਜੀਵਨ ਵਿੱਚ ਵੱਡੀ ਥਾਂ ਬਣਾ ਲਈ ਹੈ। ਇਸ ਕਾਰਨ ਬਾਹਰੀ ਖੇਡਾਂ ਅਤੇ ਸਰੀਰਕ ਗਤੀਵਿਧੀਆਂ ਪ੍ਰਤੀ ਰੁਝਾਨ ਘਟਦਾ ਜਾ ਰਿਹਾ ਹੈ, ਜੋ ਬੱਚਿਆਂ ਦੀ ਸਿਹਤ ਅਤੇ ਸਮੁੱਚੇ ਵਿਕਾਸ ਲਈ ਚਿੰਤਾ ਦਾ ਵਿਸ਼ਾ ਹੈ। ਖੇਡਾਂ ਬੱਚਿਆਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਲਈ ਬਹੁਤ ਮਹੱਤਵਪੂਰਨ ਹਨ। ਦੌੜਨਾ, ਫੁੱਟਬਾਲ, ਕ੍ਰਿਕਟ, ਹਾਕੀ, ਬਾਸਕਟਬਾਲ, ਵਾਲੀਬਾਲ, ਤੈਰਾਕੀ ਅਤੇ ਹੋਰ ਖੇਡਾਂ ਸਰੀਰ ਨੂੰ ਸਰਗਰਮ ਰੱਖਣ ਦੇ ਨਾਲ-ਨਾਲ ਤਾਕਤ, ਸਹਿਣਸ਼ਕਤੀ, ਸੰਤੁਲਨ ਅਤੇ ਤਾਲਮੇਲ ਵਿਕਸਿਤ ਕਰਨ ਵਿੱਚ ਸਹਾਇਤਾ ਕਰਦੀਆਂ ਹਨ। ਨਿਯਮਤ ਸਰੀਰਕ ਗਤੀਵਿਧੀ ਬੱਚਿਆਂ ਨੂੰ ਸਿਹਤਮੰਦ ਜੀਵਨ-ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਦੀ ਹੈ। ਖੇਡਾਂ ਦਾ ਪ੍ਰਭਾਵ ਸਿਰਫ਼ ਸਰੀਰ ਤੱਕ ਸੀਮਿਤ ਨਹੀਂ ਹੁੰਦਾ। ਮੈਦਾਨ ਵਿੱਚ ਖੇਡਣ ਨਾਲ ਬੱਚਿਆਂ ਵਿੱਚ ਟੀਮ ਵਰਕ, ਅਨੁਸ਼ਾਸਨ, ਨੇਤ੍ਰਿਤਵ, ਸਹਿਯੋਗ, ਜ਼ਿੰਮੇਵਾਰੀ ਅਤੇ ਹਾਰ-ਜਿੱਤ ਨੂੰ ਸਵੀਕਾਰ ਕਰਨ ਦੀ ਭਾਵਨਾ ਵਿਕਸਿਤ ਹੁੰਦੀ ਹੈ। ਖੇਡਾਂ ਬੱਚਿਆਂ ਨੂੰ ਮੁਸ਼ਕਲ ਸਥਿਤੀਆਂ ਦਾ ਸਾਹਮਣਾ ਕਰਨ ਅਤੇ ਨਿਯਮਾਂ ਦੀ ਪਾਲਣਾ ਕਰਨ ਦੀ ਸਿੱਖਿਆ ਵੀ ਦਿੰਦੀਆਂ ਹਨ। ਇਸ ਤਰ੍ਹਾਂ ਖੇਡਾਂ ਵਿਅਕਤੀ ਦੇ ਚਰਿੱਤਰ ਨਿਰਮਾਣ ਵਿੱਚ ਵੀ ਮਹੱਤਵਪੂਰਨ ਯੋਗਦਾਨ ਪਾਉਂਦੀਆਂ ਹਨ। ਦੂਜੇ ਪਾਸੇ, ਲੰਬੇ ਸਮੇਂ ਤੱਕ ਬੈਠੇ ਰਹਿਣ ਅਤੇ ਸਰੀਰਕ ਗਤੀਵਿਧੀ ਘੱਟ ਹੋਣ ਨਾਲ ਬੱਚਿਆਂ ਦੀ ਸਿਹਤ 'ਤੇ ਨਕਾਰਾਤਮਕ ਪ੍ਰਭਾਵ ਪੈ ਸਕਦਾ ਹੈ। ਸਰੀਰਕ ਸਰਗਰਮੀ ਦੀ ਘਾਟ ਨਾਲ ਵਜ਼ਨ ਨਾਲ ਸਬੰਧਤ ਸਮੱਸਿਆਵਾਂ, ਸਰੀਰਕ ਤੰਦਰੁਸਤੀ ਵਿੱਚ ਕਮੀ ਅਤੇ ਰੋਜ਼ਾਨਾ ਕੰਮਾਂ ਵਿੱਚ ਥਕਾਵਟ ਵਰਗੀਆਂ ਸਮੱਸਿਆਵਾਂ ਪੈਦਾ ਹੋ ਸਕਦੀਆਂ ਹਨ। ਇਸ ਤੋਂ ਇਲਾਵਾ, ਬਾਹਰੀ ਖੇਡਾਂ ਦੀ ਘਾਟ ਬੱਚਿਆਂ ਨੂੰ ਕੁਦਰਤੀ ਵਾਤਾਵਰਣ ਅਤੇ ਸਮਾਜਿਕ ਗਤੀਵਿਧੀਆਂ ਤੋਂ ਵੀ ਦੂਰ ਕਰ ਸਕਦੀ ਹੈ। ਇਸ ਸਮੱਸਿਆ ਦਾ ਇੱਕ ਹੋਰ ਪੱਖ ਪੜ੍ਹਾਈ ਦਾ ਵਧਦਾ ਦਬਾਅ ਹੈ। ਕਈ ਬੱਚਿਆਂ ਦਾ ਰੋਜ਼ਾਨਾ ਸਮਾਂ ਸਕੂਲ, ਟਿਊਸ਼ਨ, ਹੋਮਵਰਕ ਅਤੇ ਹੋਰ ਗਤੀਵਿਧੀਆਂ ਵਿੱਚ ਬੀਤ ਜਾਂਦਾ ਹੈ। ਇਸ ਕਾਰਨ ਉਨ੍ਹਾਂ ਕੋਲ ਖੇਡਣ ਲਈ ਲੋੜੀਂਦਾ ਸਮਾਂ ਨਹੀਂ ਬਚਦਾ। ਮਾਪਿਆਂ ਅਤੇ ਸਕੂਲਾਂ ਵੱਲੋਂ ਪੜ੍ਹਾਈ ਦੇ ਨਾਲ ਸਰੀਰਕ ਗਤੀਵਿਧੀ ਨੂੰ ਵੀ ਬਰਾਬਰ ਮਹੱਤਤਾ ਦੇਣ ਦੀ ਲੋੜ ਹੈ। ਬੱਚਿਆਂ ਨੂੰ ਖੇਡਾਂ ਵੱਲ ਵਾਪਸ ਲਿਆਉਣ ਲਈ ਪਰਿਵਾਰ, ਸਕੂਲ ਅਤੇ ਸਮਾਜ ਨੂੰ ਮਿਲ ਕੇ ਯਤਨ ਕਰਨੇ ਚਾਹੀਦੇ ਹਨ। ਸਕੂਲਾਂ ਵਿੱਚ ਖੇਡਾਂ ਲਈ ਨਿਯਮਤ ਸਮਾਂ, ਉਚਿਤ ਮੈਦਾਨ ਅਤੇ ਸਹੂਲਤਾਂ ਉਪਲਬਧ ਕਰਵਾਉਣੀਆਂ ਚਾਹੀਦੀਆਂ ਹਨ। ਮਾਪਿਆਂ ਨੂੰ ਵੀ ਬੱਚਿਆਂ ਨੂੰ ਹਰ ਰੋਜ਼ ਉਮਰ ਅਤੇ ਸਮਰੱਥਾ ਅਨੁਸਾਰ ਸਰੀਰਕ ਗਤੀਵਿਧੀ ਲਈ ਉਤਸ਼ਾਹਿਤ ਕਰਨਾ ਚਾਹੀਦਾ ਹੈ। ਸਥਾਨਕ ਪੱਧਰ 'ਤੇ ਪਾਰਕਾਂ, ਖੇਡ ਮੈਦਾਨਾਂ ਅਤੇ ਖੇਡ ਮੁਕਾਬਲਿਆਂ ਦੀਆਂ ਸਹੂਲਤਾਂ ਵਧਾਉਣੀਆਂ ਵੀ ਜ਼ਰੂਰੀ ਹਨ। ਅੱਜ ਦੀ ਲੋੜ ਇਹ ਨਹੀਂ ਕਿ ਬੱਚਿਆਂ ਨੂੰ ਤਕਨਾਲੋਜੀ ਤੋਂ ਪੂਰੀ ਤਰ੍ਹਾਂ ਦੂਰ ਕੀਤਾ ਜਾਵੇ, ਸਗੋਂ ਇਹ ਹੈ ਕਿ ਡਿਜੀਟਲ ਗਤੀਵਿਧੀਆਂ ਅਤੇ ਸਰੀਰਕ ਸਰਗਰਮੀ ਵਿਚਕਾਰ ਸੰਤੁਲਨ ਬਣਾਇਆ ਜਾਵੇ। ਤੰਦਰੁਸਤ ਬਚਪਨ ਹੀ ਤੰਦਰੁਸਤ ਸਮਾਜ ਦੀ ਨੀਂਹ ਹੈ। ਇਸ ਲਈ ਮੈਦਾਨਾਂ ਨੂੰ ਦੁਬਾਰਾ ਬੱਚਿਆਂ ਦੀਆਂ ਖੁਸ਼ੀਆਂ, ਖੇਡਾਂ ਅਤੇ ਸਰਗਰਮ ਜੀਵਨ ਨਾਲ ਭਰਨਾ ਸਮੇਂ ਦੀ ਮਹੱਤਵਪੂਰਨ ਲੋੜ ਹੈ।

**-ਡਾ. ਕੇ.ਪੀ.ਐਸ. ਮਾਹੀ, ਐਸੋਸੀਏਟ ਪ੍ਰੋਫੈਸਰ, ਸਰੀਰਕ ਸਿੱਖਿਆ ਅਤੇ ਖੇਡ ਵਿਭਾਗ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ, ਜਲੰਧਰ**

### ਜੋਨ ਤਲਵੰਡੀ ਸਾਬੋ ਸਰਦ ਰੁੱਤ (ਐਥਲੈਟਿਕਸ) ਚੱਲ ਰਹੇ ਹਨ ਫਸਵੇਂ ਮੁਕਾਬਲੇ

# ਟੂਰਨਾਮੈਂਟ ਦੌਰਾਨ ਸਹਿਯੋਗੀ ਸ਼ਖ਼ਸੀਅਤਾਂ ਅਤੇ ਸੰਸਥਾਵਾਂ ਦਾ ਕੀਤਾ ਗਿਆ ਸਨਮਾਨ

**ਤਲਵੰਡੀ ਸਾਬੋ, 25 ਸਤੰਬਰ (ਗੁਰਜੰਟ ਸਿੰਘ ਨਥੇਹਾ)**- ਸਿੱਖਿਆ ਵਿਭਾਗ ਦੇ ਸਰਦ ਰੁੱਤ ਟੂਰਨਾਮੈਂਟ ਮਾਣਯੋਗ ਜ਼ਿਲਾ ਸਿੱਖਿਆ ਅਫਸਰ ਸ੍ਰੀਮਤੀ ਮਮਤਾ ਖੁਰਾਣਾ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਖੇਡ ਕੋਆਰਡੀਨੇਟਰ ਸ ਜਸਵੀਰ ਸਿੰਘ ਗਿੱਲ ਜੀ ਯੋਗ ਅਗਵਾਈ ਵਿੱਚ ਜੋਨ ਤਲਵੰਡੀ ਸਾਬੋ ਦਾ ਸਰਦ ਰੁੱਤ ਟੂਰਨਾਮੈਂਟ ਸਥਾਨਕ ਮਾਤਾ ਸਾਹਿਬ ਕੌਰ ਗਰਲਜ ਕਾਲਜ ਤਲਵੰਡੀ ਸਾਬੋ ਵਿਖੇ ਚੱਲ ਰਹੇ ਹਨ। ਇਸ ਸਮੇਂ ਟੂਰਨਾਮੈਂਟ ਕਮੇਟੀ ਵੱਲੋਂ ਮਾਤਾ ਸਾਹਿਬ ਕੌਰ ਗਰਲਜ ਕਾਲਜ, ਖਾਲਸਾ ਸੀਨੀਅਰ ਸੈਕੰਡਰੀ ਸੈਕੰਡਰੀ ਸਕੂਲ (ਲੜਕੀਆਂ), ਸ਼ਹੀਦ ਭਗਤ ਸਿੰਘ ਸਸ ਸਕੂਲ ਮਲਕਾਣਾ, ਮਾਸਟਰ ਮਾਈਂਡ ਪਬਲਿਕ ਸਕੂਲ ਬੰਗੀ ਰੁਘੂ ਦੇ ਮੁਖੀਆਂ ਅਤੇ ਰਿਟਾਇਰਡ ਪੀਟੀਆਈ ਕਰਮਜੀਤ ਕੌਰ ਅਤੇ ਗੁਰਤੇਜ ਸਿੰਘ ਡੀਪੀਈ ਯੂਨੀਵਰਸਲ ਪਬਲਿਕ ਸਾਬੋ ਨੂੰ ਟੂਰਨਾਮੈਂਟ ਕਮੇਟੀ ਨੂੰ ਦਿੱਤੇ ਜਾ ਰਹੇ ਸਹਿਯੋਗ ਬਦਲੇ ਸਨਮਾਨਿਤ ਕੀਤਾ ਗਿਆ। ਜੋਨ ਸਕੱਤਰ ਸ ਹਰਮੰਦਰ ਸਿੰਘ ਪੀਟੀਆਈ ਲਾਲੇਆਣਾ ਨੇ ਦੱਸਿਆ ਕਿ ਅੰਡਰ 19 ਸਾਲ 400 ਮੀ ਲੜਕੇ ਪਹਿਲਾ ਸਥਾਨ ਸੁਨੀਲ ਦੱਤ ਖਾਲਸਾ ਸਸਸ ਤਲਵੰਡੀ ਸਾਬੋ,ਦੂਜਾ ਸਥਾਨ ਨਵਦੀਪ ਸਿੰਘ ਯੂਨੀਵਰਸਲ ਪਬਲਿਕ ਸਕੂਲ ਤਲਵੰਡੀ ਸਾਬੋ,ਹੈਮਰ ਥਰੋਅ ਅੰਡਰ 17 ਪਹਿਲਾ ਸਥਾਨ ਏਕਮ ਖਾਲਸਾ ਸਸਸ ਤਲਵੰਡੀ ਸਾਬੋ, ਦੂਜਾ ਪਰਵਿੰਦਰ ਸਿੰਘ ਦ ਸੰਸਕਾਰ ਤਲਵੰਡੀ ਸਾਬੋ, ਜੈਵਲਿਨ ਥਰੋਅ ਅੰਡਰ 17 ਰਣਦੀਪ ਸਿੰਘ ਸਸਸਸ ਕੋਟਬਖਤੂ ਪਹਿਲਾ ਅਤੇ ਦੂਜਾ ਸਥਾਨ ਹਰਮਨਪ੍ਰੀਤ ਸਿੰਘ ਮਾਸਟਰ ਮਾਈਂਡ ਬੰਗੀ ਰੁਘੂ, ਜੈਵਲਿਨ ਥਰੋਅ ਅੰਡਰ 19 ਪਹਿਲਾ ਸਥਾਨ ਜਗਤ ਸਿੰਘ ਯੂਨੀਵਰਸਲ ਪਬਲਿਕ ਸਕੂਲ ਤਲਵੰਡੀ ਸਾਬੋ, ਦੂਜਾ ਸਥਾਨ ਜਸਕਰਨ ਸਿੰਘ ਸਸਸਸ ਬੰਗੀ ਕਲਾਂ ਟਰਿਪਲ ਜੰਪ ਅੰਡਰ 17 ਪਹਿਲਾ ਸਥਾਨ ਅਨਮੋਲ ਸਿੰਘ ਅਕਾਲ ਅਕੈਡਮੀ ਬਾਘਾ ਦੂਜਾ ਸਗਨਦੀਪ ਸਿੰਘ ਸਹਸ ਮਲਕਾਣਾ 200 ਮੀਟਰ ਅੰਡਰ 17 ਪਹਿਲਾ ਸਥਾਨ ਦੀਪਇੰਦਰ ਸਿੰਘ ਦ ਸੰਸਕਾਰ ਸਕੂਲ ਤਲਵੰਡੀ ਸਾਬੋ, ਦੂਜਾ ਸਥਾਨ ਪੁਨੀਤ ਸਿੰਘ ਖਾਲਸਾ ਸਸਸ ਤਲਵੰਡੀ ਸਾਬੋ, 100 ਮੀਟਰ ਅੰਡਰ 17 ਸਾਲ ਲੜਕੇ ਪਹਿਲਾ ਸਥਾਨ ਖੁਸ਼ਪ੍ਰੀਤ ਕੌਰ ਸਸਸਸ ਕੋਟਬਖਤੂ ਦੂਜਾ ਸਥਾਨ ਰੇਸਮਜੀਤ ਕੌਰ ਸਸਸਸ ਬੰਗੀ ਕਲਾਂ ਉੱਚੀ ਛਾਲ ਅੰਡਰ 17 ਪਹਿਲਾ ਸਥਾਨ ਜੈਸਮੀਨ ਕੌਰ ਸਹਸ ਮਲਕਾਣਾ ਦੂਜਾ ਸਥਾਨ ਗਗਨਦੀਪ ਕੌਰ ਸਹਸ ਮਲਕਾਣਾ ਨੇ ਪ੍ਰਾਪਤ ਕੀਤਾ।ਟੂਰਨਾਮੈਂਟ ਦੌਰਾਨ ਟੂਰਨਾਮੈਂਟ ਦੌਰਾਨ ਲੈਕਚਰਾਰ ਸੁਖਦੇਵ ਸਿੰਘ ਸਸਸਸ ਜੀਵਨ ਸਿੰਘ ਵਾਲਾ,ਹਰਪਾਲ ਸਿੰਘ ਡੀਪੀਈ ਜੱਜਲ, ਸੁਖਪ੍ਰੀਤ ਸਿੰਘ ਡੀਪੀਈ ਕੋਟ ਬਖਤੂ, ਜਸਦੀਪ ਕੌਰ ਡੀਪੀਈ ਰਾਮਾਂ, ਗੁਰਤੇਜ ਸਿੰਘ ਪੀਟੀਆਈ ਮਲਕਾਣਾ, ਚਰਨਜੀਤ ਸਿੰਘ ਪੀਟੀਆਈ ਮਿਰਜੇਆਣਾ, ਕਮਲਪ੍ਰੀਤ ਸਿੰਘ ਪੀਟੀਆਈ ਨਥੇਹਾ, ਸੰਦੀਪ ਸਿੰਘ ਪੀਟੀਆਈ ਕੌਰੇਆਣਾ, ਜਸਵੀਰ ਕੌਰ ਪੀਟੀਆਈ ਲੇਲੇਵਾਲਾ, ਬਲਜਿੰਦਰ ਸਿੰਘ ਪੀਟੀਆਈ ਗਾਟਵਾਲੀ, ਰਜਿੰਦਰ ਸਿੰਘ ਪੀਟੀਆਈ ਮਾਹੀਨੰਗਲ, ਹਰਜੀਤ ਕੌਰ ਡੀਪੀਈ ਖਾਲਸਾ ਸਕੂਲ, ਹਰਪਾਲ ਸਿੰਘ ਡੀਪੀਈ ਖਾਲਸਾ ਸਕੂਲ, ਕਵਿਤਾ ਰਾਣੀ, ਵੀਰਪਾਲ ਕੌਰ ਡੀਪੀਈ ਜੀਵਨ ਸਿੰਘ ਵਾਲਾ, ਕੁਲਵਿੰਦਰ ਸਿੰਘ ਡੀਪੀਈ ਬੰਗੀਰੁਘੂ, ਰਾਣਾ ਰਾਮ ਪੀਟੀਆਈ ਕਲਾਲਵਾਲਾ, ਮੋਨਿਕਾ ਪੀਟੀਆਈ ਤਰਖਾਣ ਵਾਲਾ, ਗੁਰਤੇਜ ਸਿੰਘ ਯੂਨੀਵਰਸਲ ਸਕੂਲ, ਜਗਤਾਰ ਸਿੰਘ ਡੀਪੀਈ ਤਲਵੰਡੀ ਸਾਬੋ, ਗੁਰਮੇਲ ਸਿੰਘ ਮਲਕਾਣਾ, ਬਲਜਿੰਦਰ ਕੌਰ ਡੀਪੀਈ ਰਾਮਸਰਾ ਰਾਮਸਰਾ, ਬਲਜਿੰਦਰ ਸਿੰਘ ਡੀਪੀਈ ਤਿਉਣਾ ਪੁਜਾਰੀਆਂ, ਗੁਰਸੀਰਤ ਕੌਰ ਡੀਪੀਈ ਬੰਗੀ ਕਲਾਂ, ਜਗਪ੍ਰੀਤ ਸਿੰਘ ਡੀਪੀਈ ਨੱਤ, ਨਵਦੀਪ ਕੌਰ ਡੀ ਏ ਵੀ ਸਕੂਲ ਰਾਮਾਂ, ਗੁਰਸਿਮਰਨ ਸਿੰਘ ਸੇਂਟ ਸੋਲਜਰ ਸਕੂਲ, ਮਲਕੀਤ ਸਿੰਘ ਪੰਜਾਬੀ ਮਾਸਟਰ ਸੀਂਗੋ ਅਤੇ ਹੋਰ ਸਕੂਲਾਂ ਦੇ ਸ਼ਰੀਰਕ ਸਿੱਖਿਆ ਅਧਿਆਪਕ ਵੱਖ ਵੱਖ ਖੇਡ ਮੈਦਾਨਾਂ ਵਿੱਚ ਆਪਣੀਆਂ ਡਿਊਟੀਆਂ ਤਨਦੇਹੀ ਨਾਲ ਨਿਭਾ ਰਹੇ ਹਨ।ਖਿਡਾਰੀਆਂ ਨੂੰ ਜੋਨ ਪ੍ਰਧਾਨ ਸ੍ਰੀ ਰਮੇਸ਼ ਕੁਮਾਰ ਮੁੱਖ ਅਧਿਆਪਕ ਸਹਸ ਲੇਲੇਵਾਲਾ ਵੱਲੋਂ ਜੇਤੂ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਗਿਆ। ਸਟੇਜ ਸਕੱਤਰ ਦੀ ਜ਼ਿੰਮੇਵਾਰੀ ਸ. ਗੁਰਜੰਟ ਸਿੰਘ ਡੀਪੀਈ ਸਹਸ ਚੱਠੇਵਾਲਾ ਬਾਖ਼ੂਬੀ ਨਿਭਾ ਰਹੇ ਹਨ।



ਆਵਾਜ਼ਿ ਕੌਮ AWAZE QAUM International Newspaper & WEB TV

### ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ


# ਜਨਮ ਦਿਹਾੜੇ ਨੂੰ ਸਮਰਪਿਤ ਵਿਸ਼ੇਸ਼ ਲੈਕਚਰ ਕਰਵਾਇਆ



**ਚੌਕ ਮਹਿਤਾ, 25( ਬਾਬਾ ਸੁਖਵੰਤ ਸਿੰਘ ਚੰਨਣਕੇ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਉਪ ਕੁਲਪਤੀ ਪ੍ਰੋਫੈਸਰ( ਡਾ.) ਕਰਮਜੀਤ ਸਿੰਘ ਜੀ ਅਤੇ ਡੀਨ ਕਾਲਜਸ ਪ੍ਰੋਫੈਸਰ (ਡਾ.) ਸਰੋਜ ਅਰੋੜਾ ਰਹਿਨੁਮਾਈ ਤਹਿਤ ਸ੍ਰੀ ਗੁਰੂ ਤੇਗ ਬਹਾਦਰ ਕਾਲਜ, ਸਠਿਆਲਾ ਵਿਖੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਿਤ ਵਿਸ਼ੇਸ਼ ਲੈਕਚਰ ਕਰਵਾਇਆ ਗਿਆ। ਇਹ ਸਮਾਗਮ ਪੰਜਾਬੀ ਵਿਭਾਗ ਅਤੇ ਭਾਸ਼ਾ ਮੰਚ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ। ਇਸ ਮੌਕੇ "ਭਗਤ ਸਿੰਘ ਦੀ ਵਿਚਾਰਧਾਰਾ ਅਤੇ ਮਨੋਵਿਗਿਆਨਕ ਸੰਦਰਭ" ਵਿਸ਼ੇ 'ਤੇ ਵਿਸ਼ੇਸ਼ ਲੈਕਚਰ ਕਰਵਾਇਆ ਗਿਆ। ਸਮਾਗਮ ਦੇ ਮੁੱਖ ਬੁਲਾਰੇ ਵਜੋਂ ਡਾ. ਰੂਪਨ ਢਿੱਲੋਂ, ਐਸੋਸੀਏਟ ਪ੍ਰੋਫੈਸਰ ਅਤੇ ਮੁਖੀ, ਮਨੋਵਿਗਿਆਨ ਵਿਭਾਗ ਅਤੇ ਵਧੀਕ ਚਾਰਜ, ਜਲ੍ਹਿਆਂਵਾਲਾ ਬਾਗ. ਚੇਅਰ , ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਸਨ।ਡਾ. ਰੂਪਨ ਢਿੱਲੋਂ ਨੇ ਭਗਤ ਸਿੰਘ ਦੇ ਜੀਵਨ, ਸੋਚ ਅਤੇ ਸ਼ਖ਼ਸੀਅਤ ਦੇ ਵੱਖ-ਵੱਖ ਪੱਖਾਂ ਨੂੰ ਮਨੋਵਿਗਿਆਨਕ ਦ੍ਰਿਸ਼ਟੀਕੋਣ ਤੋਂ ਪੇਸ਼ ਕਰਦਿਆਂ ਹਿੰਮਤ, ਦ੍ਰਿੜ੍ਹਤਾ, ਸਹਿਣਸ਼ੀਲਤਾ, ਵਿਚਾਰਸ਼ੀਲਤਾ ਅਤੇ ਆਪਣੇ ਉਦੇਸ਼ ਪ੍ਰਤੀ ਸਮਰਪਣ ਵਰਗੇ ਗੁਣਾਂ ਬਾਰੇ ਵਿਦਿਆਰਥੀਆਂ ਨਾਲ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਭਗਤ ਸਿੰਘ ਦਾ ਜੀਵਨ ਨੌਜਵਾਨਾਂ ਨੂੰ ਚੁਣੌਤੀਆਂ ਦਾ ਦ੍ਰਿੜ੍ਹਤਾ ਨਾਲ ਸਾਹਮਣਾ ਕਰਨ ਅਤੇ ਆਪਣੇ ਜੀਵਨ ਦੇ ਉਦੇਸ਼ ਪ੍ਰਤੀ ਸੁਚੇਤ ਰਹਿਣ ਲਈ ਪ੍ਰੇਰਿਤ ਕਰਦਾ ਹੈ। ਲੈਕਚਰ ਉਪਰੰਤ ਡਾ. ਰੂਪਨ ਢਿਲੋਂ ਵੱਲੋਂ ਵਿਦਿਆਰਥੀਆਂ ਨਾਲ ਵਿਚਾਰ ਵਟਾਂਦਰਾ ਵੀ ਕੀਤਾ ਗਿਆ। ਇਸ ਮੌਕੇ ਕਾਲਜ ਇੰਚਾਰਜ ਡਾ. ਹਰਸਿਮਰਨ ਕੌਰ ਨੇ ਕਿਹਾ ਕਿ ਭਗਤ ਸਿੰਘ ਸਿਰਫ਼ ਇੱਕ ਇਤਿਹਾਸਕ ਸ਼ਖ਼ਸੀਅਤ ਹੀ ਨਹੀਂ, ਸਗੋਂ ਨੌਜਵਾਨ ਪੀੜ੍ਹੀ ਲਈ ਵਿਚਾਰਸ਼ੀਲਤਾ, ਹਿੰਮਤ ਅਤੇ ਸਮਰਪਣ ਦੀ ਪ੍ਰੇਰਣਾ ਹਨ। ਉਨਾਂ ਕਿਹਾ ਨੌਜਵਾਨ ਪੀੜੀ ਨੂੰ ਭਗਤ ਸਿੰਘ ਦੀ ਸ਼ਖਸੀਅਤ ਤੋਂ ਪ੍ਰੇਰਨਾ ਲੈਣ ਦੀ ਵੀ ਲੋੜ ਹੈ। ਉਨ੍ਹਾਂ ਮੁੱਖ ਬੁਲਾਰੇ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਨੂੰ ਇਤਿਹਾਸਕ ਸ਼ਖ਼ਸੀਅਤਾਂ ਦੇ ਜੀਵਨ ਅਤੇ ਵਿਚਾਰਾਂ ਨੂੰ ਡੂੰਘਾਈ ਨਾਲ ਸਮਝਣ ਦਾ ਮੌਕਾ ਪ੍ਰਦਾਨ ਕਰਦੇ ਹਨ। ਸਮਾਗਮ ਦੇ ਅੰਤ ਵਿੱਚ ਮੁੱਖ ਬੁਲਾਰੇ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮਨਦੀਪ ਸਿੰਘ, ਕਰਮਬੀਰ ਸਿੰਘ, ਰੋਹਿਤ ਗੁਪਤਾ, ਮਨੂੰ ਬਾਲਾ, ਗਗਨ ਸ਼ਰਮਾ ਅਤੇ ਸੁਖਦੀਪ ਕੌਰ ਨੇ ਅਹਿਮ ਭੂਮਿਕਾ ਨਿਭਾਈ।

ਆਵਾਜ਼ਿ ਕੌਮ AWAZE QAUM International Newspaper & WEB TV

# ਮੁੱਖ ਮੰਤਰੀ ਸਾਹਿਬ ਜੀ ਸੈਂਟਰਲ ਹਲਕੇ ਚ ਐਮ ਟੀ ਪੀ ਵਿਭਾਗ ਦੇ ਅਧਿਕਾਰੀਆਂ ਦੀ ਮਿਲੀਭੁਗਤ ਸਦਕਾ ਸੀਲ ਬਿਲਡਿੰਗ ਹੋ ਰਹੀਆਂ ਤਿਆਰ: ਬਾਵਾ ਭਲਿੰਦਰ ਸਿੰਘ





**ਚੌਕ ਮਹਿਤਾ, 25 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਮਾਜ ਸੇਵਕ ਬਾਵਾ ਭਲਿੰਦਰ ਸਿੰਘ ਨੇ ਦੱਸਿਆ ਕਿ ਮੇਰੀ ਜਾਣਕਾਰੀ ਅਨੁਸਾਰ ਹਲਕਾ ਸੈਂਟਰਲ ਵਿਖੇ ਸੀਲ ਬਿਲਡਿੰਗਾਂ ਨੂੰ ਖੋਲ ਕੇ ਬਣ ਰਹੇ ਹਨ ਹੋਟਲ ਜੋ ਬਿਲਡਿੰਗਾਂ ਪਿਛਲੇ ਸਮਿਆਂ ਵਿੱਚ ਸੀਲ ਸਨ ਸੰਬੰਧਤ ਬਿਲਡਿੰਗ ਇੰਸਪੈਕਟਰ ਸੰਬੰਧਿਤ ਏ ਟੀ ਪੀ ਵੱਲੋਂ ਸੰਬੰਧਿਤ ਐਮ ਟੀ ਪੀ ਵੱਲੋਂ ਮੋਟੀਆਂ ਰਿਸ਼ਵਤਾਂ ਲੈ ਕੇ ਇਹਨਾਂ ਬਿਲਡਿੰਗਾਂ ਨੂੰ ਖੋਲ ਦਿੱਤਾ ਗਿਆ ਹੈ ਜੋ ਹੋਟਲ ਦੇ ਰੂਪ ਵਿੱਚ ਤਿਆਰ ਹੋ ਰਹੀਆਂ ਹਨ 400 ਤੋਂ ਵੱਧ ਸ਼ਿਕਾਇਤਾਂ ਸਥਾਨਕ ਸਰਕਾਰਾਂ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਵੀ ਕੀਤੀਆਂ ਹੋਈਆਂ ਹਨ ਪਰ ਕੋਈ ਸੁਣਵਾਈ ਨਹੀਂ ਹੋਈ ਬਾਵਾ ਭਲਿੰਦਰ ਸਿੰਘ ਨੇ ਦੱਸਿਆ ਕਿ ਭਰਿਸ਼ਟ ਅਫਸਰਾਂ ਖਿਲਾਫ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ ਤਾਂ ਜੋ ਸਰਕਾਰ ਦੇ ਖਜ਼ਾਨੇ ਨੂੰ ਜੋ ਚੂਨਾ ਲੱਗ ਰਿਹਾ ਹੈ ਉਸ ਦੀ ਭਰਪਾਈ ਹੋ ਸਕੇ ਹਲਕਾ ਸੈਂਟਰਲ ਵਿੱਚ ਬਹੁ ਗਿਣਤੀ ਵਿੱਚ ਨਜਾਇਜ਼ ਉਸਾਰੀਆਂ ਚੱਲ ਰਹੀਆਂ ਹਨ ਅਤੇ ਕਾਫੀ ਗੈਰ ਕਾਨੂੰਨੀ ਬਿਲਡਿੰਗ ਜਿਨ੍ਹਾਂ ਨੂੰ ਐੱਮ ਟੀ ਪੀ ਵਿਭਾਗ ਵਲੋ ਸੀਲ ਕੀਤਾ ਗਿਆ ਸੀ ਉਸਦੀ ਸੀਲ ਨੂੰ ਤੋੜ ਕੇ ਬਿਲਡਿੰਗ ਬਣ ਕੇ ਵੀ ਤਿਆਰ ਹੋ ਗਈ ਹੈ ਬਾਵਾ ਭਲਿੰਦਰ ਸਿੰਘ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਅਪੀਲ ਕੀਤੀ ਕਿ ਐਮ ਟੀ ਪੀ ਵਿਭਾਗ ਦੇ ਅਧਿਕਾਰੀਆਂ ਦੀ ਮਿਲੀਭੁਗਤ ਸਦਕਾ ਹੋਈਆਂ ਨਜਾਇਜ਼ ਉਸਾਰੀਆਂ ਦੀ ਜਾਚ ਕਰਵਾਈ ਜਾਵੇ ਅਤੇ ਨਜਾਇਜ਼ ਉਸਾਰੀਆਂ ਕਰਵਾਉਣ ਵਾਲੇ ਅਧਿਕਾਰੀ ਵਿਰੁੱਧ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਦੀ ਸੰਪੂਰਨਤਾ ਮੌਕੇ ਦਿੱਲੀ ਕਮੇਟੀ ਵਲੋਂ ਸਹਿਜ ਪਾਠ ਦੀ ਆਰੰਭਤਾ: ਬੀਬੀ ਰਣਜੀਤ ਕੌਰ



ਨਵੀਂ ਦਿੱਲੀ 25 ਸੰਤਬਰ (ਮਨਪ੍ਰੀਤ ਸਿੰਘ ਖਾਲਸਾ): ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਨ੍ਹਾਂ ਦੇ ਨਾਲ ਮਨੁੱਖਤਾ, ਧਰਮ ਅਤੇ ਸੱਚ ਦੀ ਰਾਖੀ ਲਈ ਲਾਸਾਨੀ ਕੁਰਬਾਨੀ ਦੇਣ ਵਾਲੇ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਦੀ ਸੰਪੂਰਨਤਾ ਨੂੰ ਸਮਰਪਿਤ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਿਸ਼ੇਸ਼ ਉਪਰਾਲਾ ਕੀਤਾ ਜਾ ਰਿਹਾ ਹੈ। ਇਸ ਤਹਿਤ 26 ਸਤੰਬਰ 2026, ਸ਼ਨੀਵਾਰ ਨੂੰ ਸਵੇਰੇ 11 ਵਜੇ ਗੁਰਦੁਆਰਾ ਰਕਾਬ ਗੰਜ ਸਾਹਿਬ ਵਿਖੇ ਸਤਿਥ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਦੀ ਆਰੰਭਤਾ ਸ਼ਰਧਾ, ਸਤਿਕਾਰ ਅਤੇ ਗੁਰਮਤਿ ਭਾਵਨਾ ਨਾਲ ਕਰਵਾਈ ਜਾਵੇਗੀ। ਦਿੱਲੀ ਗੁਰਦੁਆਰਾ ਕਮੇਟੀ ਦੀ ਸੀਨੀਅਰ ਮੈਂਬਰ ਬੀਬੀ ਰਣਜੀਤ ਕੌਰ ਨੇ ਸੰਗਤਾਂ ਨੂੰ ਇਸ ਇਤਿਹਾਸਕ ਮੌਕੇ 'ਤੇ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕਰਦਿਆਂ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਮਹਾਨ ਸ਼ਹੀਦਾਂ ਦੀਆਂ ਕੁਰਬਾਨੀਆਂ ਸਿਰਫ਼ ਸਿੱਖ ਇਤਿਹਾਸ ਦਾ ਹਿੱਸਾ ਨਹੀਂ, ਸਗੋਂ ਮਨੁੱਖਤਾ ਦੇ ਹੱਕਾਂ ਅਤੇ ਧਾਰਮਿਕ ਆਜ਼ਾਦੀ ਦੀ ਰਾਖੀ ਲਈ ਦਿੱਤਾ ਗਿਆ ਅਮਰ ਸੰਦੇਸ਼ ਹਨ। ਉਨ੍ਹਾਂ ਕਿਹਾ ਕਿ ਸ਼ਹੀਦਾਂ ਦੀ ਯਾਦ ਨੂੰ ਸੱਚੀ ਸ਼ਰਧਾਂਜਲੀ ਤਾਂ ਹੀ ਹੋਵੇਗੀ ਜਦੋਂ ਅਸੀਂ ਗੁਰਬਾਣੀ ਨਾਲ ਜੁੜਾਂਗੇ ਅਤੇ ਗੁਰੂ ਸਾਹਿਬ ਵੱਲੋਂ ਦਰਸਾਏ ਸੱਚ, ਨਿਡਰਤਾ ਅਤੇ ਮਨੁੱਖਤਾ ਦੇ ਮਾਰਗ ਨੂੰ ਆਪਣੇ ਜੀਵਨ ਵਿੱਚ ਅਪਣਾਵਾਂਗੇ। ਬੀਬੀ ਰਣਜੀਤ ਕੌਰ ਨੇ ਸੰਗਤਾਂ ਨੂੰ ਸੱਦਾ ਦਿੱਤਾ ਕਿ ਆਓ, ਇਸ ਇਤਿਹਾਸਕ ਸ਼ਤਾਬਦੀ ਦੀ ਸੰਪੂਰਨਤਾ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਨਾਲ ਜੁੜੀਏ ਅਤੇ ਸ਼ਹੀਦਾਂ ਦੀ ਅਮਰ ਵਿਰਾਸਤ ਨੂੰ ਅਗਲੀ ਪੀੜ੍ਹੀ ਤੱਕ ਪਹੁੰਚਾਉਣ ਦਾ ਪ੍ਰਣ ਕਰੀਏ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਨਸ਼ਾ ਪੀੜਤ ਪਰਿਵਾਰਾਂ ਦਾ ਦਰਦ ਸੁਣ ਅਰਜੁਨ ਰਾਮ ਮੇਘਵਾਲ ਨੇ ਕਿਹਾ—"ਤੁਹਾਡਾ ਦਰਦ ਸਭ ਤੋਂ ਵੱਧ ਪੀੜਾਦਾਇਕ"

# ਪਰਿਵਾਰਾਂ ਨੇ ਕਿਹਾ—"ਘਰਾਂ ਦੇ ਭਾਂਡੇ ਵਿਕ ਗਏ, ਬੱਚੇ ਮਰ ਗਏ, ਪਰ ਨਸ਼ਾ ਨਹੀਂ ਰੁਕਿਆ"





**ਅੰਮ੍ਰਿਤਸਰ, 25 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਪ੍ਰਧਾਨ ਸਰਦਾਰ ਕੇਵਲ ਸਿੰਘ ਢਿੱਲੋਂ ਦੀ ਅਗਵਾਈ ਹੇਠ ਸ਼ੁਰੂ ਕੀਤੀ ਗਈ 'ਨਸ਼ਾ ਮੁਕਤ ਪੰਜਾਬ ਯਾਤਰਾ' ਦੇ ਅੱਜ ਅੱਠਵੇਂ ਦਿਨ ਅੰਮ੍ਰਿਤਸਰ ਵਿਖੇ ਕੇਂਦਰੀ ਕਾਨੂੰਨ ਮੰਤਰੀ ਸ੍ਰੀ ਅਰਜੁਨ ਰਾਮ ਮੇਘਵਾਲ ਨੇ ਨਸ਼ਾ ਪੀੜਤ ਪਰਿਵਾਰਾਂ ਦੀ ਵਿਥਿਆ ਬਹੁਤ ਹੀ ਗੰਭੀਰਤਾ ਅਤੇ ਸੰਵੇਦਨਸ਼ੀਲਤਾ ਨਾਲ ਸੁਣੀ। ਪਰਿਵਾਰਾਂ ਦਾ ਦਰਦ ਸੁਣਦਿਆਂ ਸ੍ਰੀ ਮੇਘਵਾਲ ਨੇ ਕਿਹਾ ਕਿ "ਤੁਹਾਡਾ ਦਰਦ ਸਭ ਤੋਂ ਵੱਧ ਪੀੜਾਦਾਇਕ ਹੈ।"

ਸ੍ਰੀ ਮੇਘਵਾਲ ਨੇ ਪਰਿਵਾਰਾਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਵੱਲੋਂ ਦੱਸੀਆਂ ਗਈਆਂ ਗੰਭੀਰ ਸਮੱਸਿਆਵਾਂ ਅਤੇ ਸੁਝਾਵਾਂ ਬਾਰੇ ਕੇਂਦਰੀ ਗ੍ਰਿਹ ਮੰਤਰੀ ਸ੍ਰੀ ਅਮਿਤ ਸ਼ਾਹ ਨਾਲ ਚਰਚਾ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕੇਂਦਰੀ ਗ੍ਰਿਹ ਮੰਤਰੀ ਵੀ ਪੰਜਾਬ ਦੇ ਨਸ਼ਿਆਂ ਅਤੇ ਅਪਰਾਧ ਨਾਲ ਜੁੜੇ ਹਾਲਾਤ ਨੂੰ ਲੈ ਕੇ ਬਹੁਤ ਚਿੰਤਤ ਹਨ।

ਉਨ੍ਹਾਂ ਕਿਹਾ ਕਿ 'ਨਸ਼ਾ ਮੁਕਤ ਪੰਜਾਬ ਯਾਤਰਾ' ਦੌਰਾਨ ਪੀੜਤ ਪਰਿਵਾਰਾਂ ਨਾਲ ਸਿੱਧਾ ਮਿਲਣ ਦਾ ਮਕਸਦ ਹੀ ਅਜਿਹਾ ਰੋਡਮੈਪ ਤਿਆਰ ਕਰਨਾ ਹੈ, ਜਿਸ ਰਾਹੀਂ ਪੰਜਾਬ ਵਿੱਚੋਂ ਨਸ਼ੇ ਅਤੇ ਅਪਰਾਧ ਵਰਗੀਆਂ ਬੁਰਾਈਆਂ ਨੂੰ ਜੜ੍ਹ ਤੋਂ ਖਤਮ ਕਰਨ ਲਈ ਪ੍ਰਭਾਵਸ਼ਾਲੀ ਕਦਮ ਚੁੱਕੇ ਜਾ ਸਕਣ। ਉਨ੍ਹਾਂ ਇਹ ਵੀ ਕਿਹਾ ਕਿ ਨਸ਼ੇ ਕਾਰਨ ਆਪਣਾ ਕਮਾਉਣ ਵਾਲਾ ਮੈਂਬਰ ਗੁਆ ਚੁੱਕੇ ਪੀੜਤ ਪਰਿਵਾਰਾਂ ਦੀ ਰੋਜ਼ੀ-ਰੋਟੀ ਦਾ ਪ੍ਰਬੰਧ ਕਰਨ ਲਈ ਸਰਕਾਰ ਨੂੰ ਸੁਝਾਅ ਦਿੱਤੇ ਜਾਣਗੇ।

**ਮਕਬੂਲਪੁਰਾ ਅਤੇ ਗੁਰਵਾਲੀ ਸਮੇਤ ਕਈ ਇਲਾਕਿਆਂ ਦੇ ਪਰਿਵਾਰਾਂ ਨੇ ਸੁਣਾਈ ਹੱਡਬੀਤੀ**-ਅੱਜ ਅੰਮ੍ਰਿਤਸਰ ਵਿੱਚ ਨਸ਼ੇ ਲਈ ਬਦਨਾਮ ਮੰਨੇ ਜਾਂਦੇ ਮਕਬੂਲਪੁਰਾ, ਹਾਊਸਿੰਗ ਬੋਰਡ ਕਾਲੋਨੀ ਅਤੇ ਗੁਰਵਾਲੀ ਸਮੇਤ ਹੋਰ ਇਲਾਕਿਆਂ ਤੋਂ ਆਏ ਅਨੇਕਾਂ ਨਸ਼ਾ ਪੀੜਤ ਪਰਿਵਾਰਾਂ ਨੇ ਸ੍ਰੀ ਅਰਜੁਨ ਰਾਮ ਮੇਘਵਾਲ ਨਾਲ ਮੁਲਾਕਾਤ ਕੀਤੀ। ਪਰਿਵਾਰਾਂ ਨੇ ਭਰੇ ਮਨ ਨਾਲ ਆਪਣੇ ਘਰਾਂ ਅਤੇ ਇਲਾਕਿਆਂ ਵਿੱਚ ਨਸ਼ੇ ਦੀ ਗੰਭੀਰ ਸਮੱਸਿਆ ਬਾਰੇ ਦੱਸਦਿਆਂ ਨਸ਼ੇ 'ਤੇ ਪੂਰੀ ਤਰ੍ਹਾਂ ਰੋਕ ਲਗਾਉਣ ਲਈ ਗੁਹਾਰ ਲਗਾਈ।

ਮਾਵਾਂ ਨੇ ਆਪਣੀ ਹੱਡਬੀਤੀ ਸੁਣਾਉਂਦਿਆਂ ਕਿਹਾ ਕਿ ਉਨ੍ਹਾਂ ਦੇ ਘਰਾਂ ਦੇ ਹਾਲਾਤ ਇੰਨੇ ਮਾੜੇ ਹੋ ਚੁੱਕੇ ਹਨ ਕਿ ਨਸ਼ੇ ਦੀ ਲੱਤ ਕਾਰਨ ਉਨ੍ਹਾਂ ਦੇ ਨਸ਼ੇੜੀ ਪੁੱਤਰ ਘਰਾਂ ਦੇ ਭਾਂਡੇ ਤੱਕ ਵੇਚ ਚੁੱਕੇ ਹਨ। ਉਨ੍ਹਾਂ ਕਿਹਾ ਕਿ ਪੁੱਤਰਾਂ ਨੂੰ ਰੋਟੀ ਮਿਲੇ ਜਾਂ ਨਾ ਮਿਲੇ, ਉਨ੍ਹਾਂ ਨੇ ਰੋਟੀ ਛੱਡ ਦਿੱਤੀ ਪਰ ਨਸ਼ਾ ਨਹੀਂ ਛੱਡ ਸਕੇ।

ਪਰਿਵਾਰਾਂ ਨੇ ਭਰੇ ਮਨ ਨਾਲ ਦੱਸਿਆ ਕਿ ਅੱਜ ਮਿਲਣ ਆਏ ਪਰਿਵਾਰਾਂ ਵਿੱਚੋਂ ਕੋਈ ਵੀ ਅਜਿਹਾ ਪਰਿਵਾਰ ਨਹੀਂ ਸੀ, ਜਿਸ ਪਰਿਵਾਰ ਵਿੱਚੋਂ ਦੋ ਬੱਚਿਆਂ ਦੀ ਮੌਤ ਨਸ਼ਿਆਂ ਕਾਰਨ ਨਾ ਹੋਈ ਹੋਵੇ। ਕੁਝ ਪਰਿਵਾਰਾਂ ਦੀਆਂ ਨੂੰਹਾਂ ਵੀ ਨਸ਼ਿਆਂ ਕਾਰਨ ਪੈਦਾ ਹੋਏ ਹਾਲਾਤ ਤੋਂ ਤੰਗ ਆ ਕੇ ਘਰ ਛੱਡ ਚੁੱਕੀਆਂ ਹਨ।

ਜਿਨ੍ਹਾਂ ਪਰਿਵਾਰਾਂ ਦੇ ਕਮਾਉਣ ਵਾਲੇ ਪੁੱਤਰ ਅਤੇ ਪਤੀ ਨਸ਼ਿਆਂ ਕਾਰਨ ਮੌਤ ਦਾ ਸ਼ਿਕਾਰ ਹੋ ਚੁੱਕੇ ਹਨ, ਉਨ੍ਹਾਂ ਪਰਿਵਾਰਾਂ ਦਾ ਪੂਰਾ ਬੋਝ ਹੁਣ ਔਰਤਾਂ ਨੂੰ ਚੁੱਕਣਾ ਪੈ ਰਿਹਾ ਹੈ। ਪਰਿਵਾਰਾਂ ਨੇ ਦੱਸਿਆ ਕਿ ਉਹ ਮਜਬੂਰੀਵਸ਼ ਦੂਜਿਆਂ ਦੇ ਘਰਾਂ ਵਿੱਚ ਕੰਮ ਕਰਕੇ ਆਪਣੇ ਪਰਿਵਾਰਾਂ ਦਾ ਪੇਟ ਪਾਲ ਰਹੀਆਂ ਹਨ। ਇੱਕ ਔਰਤ ਨੇ ਆਪਣੀ ਦਰਦਨਾਕ ਕਹਾਣੀ ਸੁਣਾਉਂਦਿਆਂ ਕਿਹਾ ਕਿ ਉਸ ਦਾ ਘਰ ਵਾਲਾ ਨਸ਼ਾ ਕਰਦਾ ਹੈ, ਘਰ ਵਿੱਚ ਕੁਝ ਨਹੀਂ ਲਿਆ ਕੇ ਦਿੰਦਾ ਅਤੇ ਹੁਣ ਤਾਂ ਘਰ ਵੀ ਨਹੀਂ ਆਉਂਦਾ।

ਮਕਬੂਲਪੁਰਾ ਅਤੇ ਗੁਰਵਾਲੀ ਤੋਂ ਆਈਆਂ ਔਰਤਾਂ ਨੇ ਦੱਸਿਆ ਕਿ ਉਨ੍ਹਾਂ ਦੇ ਇਲਾਕਿਆਂ ਵਿੱਚ ਸ਼ਰੇਆਮ ਨਸ਼ਾ ਮਿਲਦਾ ਹੈ। ਉਨ੍ਹਾਂ ਦੇ ਅਨੁਸਾਰ ਪੁਲਿਸ ਨੂੰ ਨਸ਼ਾ ਵੇਚਣ ਵਾਲਿਆਂ ਬਾਰੇ ਜਾਣਕਾਰੀ ਦੇਣ 'ਤੇ ਕਈ ਵਾਰ ਸਿਰਫ਼ ਇੰਨੀ ਕੁ ਕਾਰਵਾਈ ਹੁੰਦੀ ਹੈ ਕਿ ਪੁਲਿਸ ਵਾਲੇ ਨਸ਼ਾ ਵੇਚਣ ਵਾਲਿਆਂ ਨੂੰ ਫੜ ਕੇ ਲੈ ਜਾਂਦੇ ਹਨ ਪਰ ਦੋ ਘੰਟਿਆਂ ਬਾਅਦ ਹੀ ਉਹ ਵਾਪਸ ਛੁੱਟ ਕੇ ਆ ਜਾਂਦੇ ਹਨ।


ਕੁਝ ਪਰਿਵਾਰਾਂ ਨੇ ਦੋਸ਼ ਲਗਾਇਆ ਕਿ ਨਸ਼ਾ ਵੇਚਣ ਵਾਲਿਆਂ ਅਤੇ ਕਾਨੂੰਨ ਦੇ ਰਾਖਿਆਂ ਵਿਚਕਾਰ ਮਿਲੀਭੁਗਤ ਹੈ। ਉਨ੍ਹਾਂ ਦਾਅਵਾ ਕੀਤਾ ਕਿ ਕਈ ਵਾਰ ਸਰਪੰਚ ਖੁਦ ਨਸ਼ਾ ਵੇਚਣ ਵਾਲੇ ਨੂੰ ਚੁੱਕਵਾ ਦਿੰਦਾ ਹੈ ਅਤੇ ਫਿਰ ਆਪ ਹੀ ਉਸ ਨੂੰ ਛੁਡਵਾ ਕੇ ਲਿਆਉਂਦਾ ਹੈ।

ਪੀੜਤ ਪਰਿਵਾਰਾਂ ਨੇ ਦੋਸ਼ ਲਾਇਆ ਕਿ ਸਰਕਾਰ ਵੱਲੋਂ ਚਲਾਈ ਜਾ ਰਹੀ ਨਸ਼ਾ ਵਿਰੋਧੀ ਮੁਹਿੰਮ ਕੇਵਲ ਡਰਾਮੇਬਾਜ਼ੀ ਬਣ ਕੇ ਰਹਿ ਗਈ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੇ ਦਾਅਵੇ ਕੁਝ ਹੋਰ ਹਨ, ਜਦਕਿ ਉਨ੍ਹਾਂ ਦੇ ਘਰਾਂ ਅਤੇ ਇਲਾਕਿਆਂ ਵਿੱਚ ਹਾਲਾਤ ਕੁਝ ਹੋਰ ਹਨ ਅਤੇ ਨਸ਼ਾ ਆਮ ਮਿਲ ਰਿਹਾ ਹੈ।

"ਨਸ਼ਾ ਅਤੇ ਨਸ਼ਾ ਛੁਡਾਉਣ ਲਈ ਦਿੱਤੀ ਜਾਂਦੀ ਚਿੱਟੀ ਗੋਲੀ ਸਾਡੀਆਂ ਨਸਲਾਂ ਖਾ ਰਹੀ ਹੈ"

ਇੱਕ ਨੌਜਵਾਨ ਨੇ ਬਹੁਤ ਹੀ ਗੰਭੀਰ ਗੱਲ ਕਰਦਿਆਂ ਕਿਹਾ ਕਿ "ਨਸ਼ਾ ਅਤੇ ਨਸ਼ਾ ਛੁਡਾਉਣ ਲਈ ਦਿੱਤੀ ਜਾਂਦੀ ਚਿੱਟੀ ਗੋਲੀ ਸਾਡੀਆਂ ਨਸਲਾਂ ਖਾ ਰਹੀ ਹੈ।" ਉਸ ਨੇ ਦਾਅਵਾ ਕੀਤਾ ਕਿ ਨਸ਼ਾ ਛੱਡਣ ਲਈ ਸਰਕਾਰੀ ਹਸਪਤਾਲਾਂ ਵਿੱਚ ਜੁਬਾਨ ਥੱਲੇ ਰੱਖਣ ਲਈ ਦਿੱਤੀ ਜਾਂਦੀ ਚਿੱਟੀ ਗੋਲੀਆਂ ਕਾਰਨ ਨੌਜਵਾਨਾਂ ਵਿੱਚ ਨਾਮਰਦੀ ਦੀ ਸਮੱਸਿਆ ਪੈਦਾ ਹੋ ਰਹੀ ਹੈ। ਉਸ ਨੇ ਇੱਥੋਂ ਤੱਕ ਕਿਹਾ ਕਿ "ਇਹ ਚਿੱਟੀ ਗੋਲੀ ਚਿੱਟੇ ਤੋਂ ਵੀ ਮਾੜੀ ਹੈ। ਉਸ ਨੇ ਕਿਹਾ ਕਿ ਇਸ ਬਾਰੇ ਵੀ ਨੌਜਵਾਨਾਂ ਅਤੇ ਪਰਿਵਾਰਾਂ ਵਿੱਚ ਗੰਭੀਰ ਚਿੰਤਾ ਹੈ।" ਇਸ ਨੌਜਵਾਨ ਨੇ ਦਾਅਵਾ ਕੀਤਾ ਕਿ ਜੇਲ੍ਹਾਂ ਵਿੱਚ ਵੀ ਨਸ਼ੇ ਦੀ ਸਪਲਾਈ ਨਿਯਮਤ ਤੌਰ 'ਤੇ ਹੁੰਦੀ ਹੈ। ਉਸ ਨੇ ਆਪਣੀ ਹੱਡਬੀਤੀ ਦੱਸਦਿਆਂ ਕਿਹਾ ਕਿ ਨਸ਼ੇ ਦੀ ਲੱਤ ਕਾਰਨ ਉਹ ਖੁਦ ਅਪਰਾਧ ਦੀ ਦੁਨੀਆ ਵਿੱਚ ਚਲਾ ਗਿਆ ਅਤੇ ਉਸ ਨੂੰ ਜੇਲ੍ਹ ਜਾਣਾ ਪਿਆ, ਪਰ ਜੇਲ੍ਹ ਅੰਦਰ ਵੀ ਨਸ਼ਾ ਪਹੁੰਚ ਰਿਹਾ ਸੀ। ਉਸ ਨੇ ਅੱਗੇ ਕਿਹਾ ਕਿ ਨਸ਼ਾ ਛੁਡਾਊ ਕੇਂਦਰਾਂ ਲਈ ਤਾਂ ਡਾਕੂਮੈਂਟਾਂ, ਲਾਇਸੈਂਸ ਤੱਕ ਦੀ ਲੋੜ ਪੈਂਦੀ ਹੈ, ਪਰ ਨਸ਼ਾ ਵੇਚਣ ਵਾਲਿਆਂ ਨੂੰ ਖੁੱਲ੍ਹੀ ਛੁੱਟੀ ਮਿਲੀ ਹੋਈ ਹੈ। ਉਨ੍ਹਾਂ ਨੂੰ ਪੁੱਛਣ ਵਾਲਾ ਹੀ ਕੋਈ ਨਹੀਂ ਅਤੇ ਸਰਕਾਰ ਵੱਲੋਂ ਨਸ਼ਾ ਪੀੜਤ ਪਰਿਵਾਰਾਂ ਨੂੰ ਕਿਸੇ ਤਰ੍ਹਾਂ ਦੀ ਸਹੂਲਤ ਜਾਂ ਮਦਦ ਨਹੀਂ ਮਿਲ ਰਹੀ। ਇਕ ਪਿੰਡ ਤੋਂ ਆਈ ਇੱਕ ਔਰਤ ਨੇ ਤਾਂ ਇੱਥੋਂ ਤੱਕ ਦੋਸ਼ ਲਗਾਇਆ ਕਿ ਨਸ਼ਾ ਵੇਚਣ ਵਾਲਿਆਂ ਦੀ ਸੂਚੀ ਸਰਪੰਚ ਨੂੰ ਦਿੱਤੀ ਗਈ ਸੀ, ਪਰ ਉਸ ਨੇ ਉਹ ਪਰਚੀ ਬਾਅਦ 'ਚ ਪਾੜ ਕੇ ਸੁੱਟ ਦਿੱਤੀ। ਨਸ਼ਾ ਪੀੜਤ ਪਰਿਵਾਰਾਂ ਦੀਆਂ ਇਹ ਗੱਲਾਂ ਸੁਣਦਿਆਂ ਮਾਹੌਲ ਬੇਹੱਦ ਭਾਵੁਕ ਹੋ ਗਿਆ। ਮਾਵਾਂ ਦੇ ਹੰਝੂ, ਟੁੱਟੇ ਪਰਿਵਾਰਾਂ ਦੀਆਂ ਕਹਾਣੀਆਂ, ਨਸ਼ਿਆਂ ਕਾਰਨ ਜਾਨਾਂ ਗੁਆ ਚੁੱਕੇ ਨੌਜਵਾਨਾਂ ਦੇ ਪਰਿਵਾਰਾਂ ਦੀ ਵਿਥਿਆ ਅਤੇ ਰੋਜ਼ੀ-ਰੋਟੀ ਲਈ ਸੰਘਰਸ਼ ਕਰ ਰਹੀਆਂ ਔਰਤਾਂ ਦਾ ਦਰਦ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਦੀ ਗੰਭੀਰਤਾ ਨੂੰ ਸਾਹਮਣੇ ਲੈ ਕੇ ਆਇਆ। ਸ੍ਰੀ ਅਰਜੁਨ ਰਾਮ ਮੇਘਵਾਲ ਨੇ ਕਿਹਾ ਕਿ 'ਨਸ਼ਾ ਮੁਕਤ ਪੰਜਾਬ ਯਾਤਰਾ' ਦਾ ਮਕਸਦ ਸਿਰਫ਼ ਨਸ਼ੇ ਖ਼ਿਲਾਫ਼ ਨਾਅਰੇ ਲਗਾਉਣਾ ਨਹੀਂ, ਸਗੋਂ ਪੀੜਤ ਪਰਿਵਾਰਾਂ ਦੀ ਆਵਾਜ਼ ਸਿੱਧੇ ਤੌਰ 'ਤੇ ਸੁਣ ਕੇ ਉਨ੍ਹਾਂ ਦੇ ਦਰਦ ਅਤੇ ਜ਼ਮੀਨੀ ਹਕੀਕਤ ਦੇ ਆਧਾਰ 'ਤੇ ਅਜਿਹਾ ਰੋਡਮੈਪ ਤਿਆਰ ਕਰਨਾ ਹੈ, ਜਿਸ ਨਾਲ ਨਸ਼ੇ ਅਤੇ ਇਸ ਨਾਲ ਜੁੜੇ ਅਪਰਾਧ ਨੂੰ ਖਤਮ ਕਰਨ ਲਈ ਠੋਸ ਕਦਮ ਚੁੱਕੇ ਜਾ ਸਕਣ। ਕੇਂਦਰੀ ਕਾਨੂੰਨ ਮੰਤਰੀ ਸ੍ਰੀ ਅਰਜੁਨ ਰਾਮ ਮੇਘਵਾਲ ਨੇ ਅੱਜ ਅੰਮ੍ਰਿਤਸਰ ਨੌਰਥ ਵਿਖੇ 'ਨਸ਼ਾ ਮੁਕਤ ਪੰਜਾਬ ਯਾਤਰਾ' ਦੌਰਾਨ ਸੰਬੋਧਨ ਕਰਦਿਆਂ ਪੰਜਾਬ ਦੇ ਨਸ਼ਾ ਪੀੜਤ ਪਰਿਵਾਰਾਂ ਦੇ ਦਰਦ ਨੂੰ ਪੰਜਾਬ ਦੀ ਸਭ ਤੋਂ ਵੱਡੀ ਚਿੰਤਾ ਕਰਾਰ ਦਿੱਤਾ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਤਿੱਖਾ ਹਮਲਾ ਕੀਤਾ। ਸ੍ਰੀ ਮੇਘਵਾਲ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਨੂੰ ਹੀ ਕਾਰਵਾਈ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜਦਕਿ ਨਸ਼ਾ ਵੇਚਣ ਵਾਲਿਆਂ ਖ਼ਿਲਾਫ਼ ਸਰਕਾਰ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਉੱਠ ਰਹੇ ਹਨ। ਉਨ੍ਹਾਂ ਕਿਹਾ ਕਿ 'ਨਸ਼ਾ ਮੁਕਤ ਪੰਜਾਬ' ਕਿਸੇ ਪਾਰਟੀ ਦਾ ਸਿਰਫ਼ ਚੋਣ ਨਾਅਰਾ ਨਹੀਂ, ਸਗੋਂ ਪੰਜਾਬ ਦੀ ਜਵਾਨ ਪੀੜ੍ਹੀ ਅਤੇ ਪਰਿਵਾਰਾਂ ਨੂੰ ਬਚਾਉਣ ਦੀ ਲਹਿਰ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਨਾਲ ਪੰਜਾਬ ਦੇ ਘਰਾਂ ਵਿੱਚ ਮਾਵਾਂ ਆਪਣੇ ਪੁੱਤਰ ਗੁਆ ਰਹੀਆਂ ਹਨ, ਪਰਿਵਾਰ ਟੁੱਟ ਰਹੇ ਹਨ ਅਤੇ ਨੌਜਵਾਨਾਂ ਦਾ ਭਵਿੱਖ ਤਬਾਹ ਹੋ ਰਿਹਾ ਹੈ। "ਪੰਜਾਬ ਨੂੰ ਇਸ ਬਿਮਾਰੀ ਤੋਂ ਮੁਕਤ ਕਰਨਾ ਹੀ ਪਵੇਗਾ—ਸਾਡਾ ਇੱਕੋ ਨਾਅਰਾ ਹੈ: ਨਸ਼ਾ ਮੁਕਾਉਣਾ ਸਾਰਾ।" ਸ੍ਰੀ ਮੇਘਵਾਲ ਨੇ ਕਿਹਾ ਕਿ ਕੁਝ ਲੋਕ ਇਸ ਪਵਿੱਤਰ ਅਤੇ ਲੋਕ-ਹਿਤੈਸ਼ੀ ਮੁਹਿੰਮ ਨੂੰ ਵੀ ਸਿਆਸੀ ਚਸ਼ਮੇ ਨਾਲ ਦੇਖ ਰਹੇ ਹਨ। ਉਨ੍ਹਾਂ ਕਿਹਾ ਕਿ ਜਿਹੜਾ ਕੰਮ ਪੰਜਾਬ ਦੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਬਚਾਉਣ ਲਈ ਹੋ ਰਿਹਾ ਹੈ, ਉਸ ਨੂੰ ਰਾਜਨੀਤੀ ਤੋਂ ਉੱਪਰ ਉੱਠ ਕੇ ਦੇਖਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦਾ ਟਰੈਕ ਰਿਕਾਰਡ ਦੱਸਦਾ ਹੈ ਕਿ ਜਿੱਥੇ-ਜਿੱਥੇ ਭਾਜਪਾ ਦੀਆਂ ਸਰਕਾਰਾਂ ਬਣੀਆਂ, ਉੱਥੇ ਕਾਨੂੰਨ-ਵਿਵਸਥਾ ਅਤੇ ਸਮਾਜਿਕ ਬੁਰਾਈਆਂ ਨਾਲ ਨਜਿੱਠਣ ਲਈ ਸਖ਼ਤ ਕਦਮ ਚੁੱਕੇ ਗਏ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵੋਟ ਦੀ ਤਾਕਤ ਰਾਹੀਂ ਅਜਿਹੀ ਸਰਕਾਰ ਚੁਣਨ ਜੋ ਨਸ਼ੇ ਦੇ ਕਾਰੋਬਾਰ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਦ੍ਰਿੜ੍ਹ ਇਰਾਦੇ ਨਾਲ ਕੰਮ ਕਰੇ। ਉਨ੍ਹਾਂ ਕਿਹਾ ਕਿ ਭਾਜਪਾ ਇਸ ਕੰਮ ਲਈ ਸਮਰੱਥ ਹੈ। ਇਸ ਮੌਕੇ ਸ੍ਰੀ ਅਰਜੁਨ ਰਾਮ ਮੇਘਵਾਲ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਬਾਣੀ ਦਾ ਜ਼ਿਕਰ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਨੇ ਮਨੁੱਖ ਨੂੰ ਨਾਮ ਜਪਣ, ਚੰਗੇ ਜੀਵਨ ਅਤੇ ਆਤਮਿਕ ਚੇਤਨਾ ਦਾ ਮਾਰਗ ਦਿਖਾਇਆ। ਉਨ੍ਹਾਂ ਗੁਰੂ ਸਾਹਿਬ ਦੀ ਬਾਣੀ ਗਾ ਕੇ ਵੀ ਸਰਵਣ ਕਰਵਾਈ ਅਤੇ ਕਿਹਾ ਕਿ ਅਸੀਂ ਗੁਰੂਆਂ ਵੱਲੋਂ ਦਿੱਤੀ ਜੀਵਨ-ਜਾਚ ਨੂੰ ਭੁੱਲਦੇ ਜਾ ਰਹੇ ਹਾਂ ਅਤੇ ਨਸ਼ਾ ਪੰਜਾਬ ਦੇ ਸਮਾਜਿਕ ਜੀਵਨ ਨੂੰ ਅੰਦਰੋਂ ਖੋਖਲਾ ਕਰ ਰਿਹਾ ਹੈ।

## ਤਹਿਸੀਲਦਾਰ ਸਾਹਿਬ ਅੰਮ੍ਰਿਤਸਰ -2, ਤਹਿਸੀਲਦਾਰ ਸਾਹਿਬ ਅਜਨਾਲਾ, ਤਹਿਸੀਲਦਾਰ ਸਾਹਿਬ ਲੋਪੋਕੇ, ਤਹਿਸੀਲਦਾਰ ਸਾਹਿਬ ਆਟਾਰੀ ਅਤੇ ਪਟਵਾਰੀਆ ਨੂੰ ਮਾਨਯੋਗ ਹਾਈਕੋਰਟ ਨੇ ਐਫ.ਸੀ.ਆਰ. ਦੇ ਹੁਕਮਾਂ ਨੂੰ ਨਾ ਮੰਨਣ ਦੇ ਸਬੰਧ ਵਿਚ ਕੀਤਾ ਤਲਬ



112 COCP-4668-2026 (CNR No: PHHC011596452026)

BABA GURPINDER SINGH
VS
JAGSEER MITTAL AND OTHERS

Present:- Mr. A.P.S. Sandhu, Advocate, with Mr. Ashish Kaushik, Advocate and Mr. Bhavnish Sodhi, Advocate, for the petitioner.

....

1. Notice of motion, returnable for 30.11.2026.
2. Process dasti as well.

(SANJIV BERRY)
JUDGE

24.09.2026
preeti



**ਚੌਕ ਮਹਿਤਾ, 25 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰਦੁਆਰਾ ਗੁਰੂਸਰ ਸਤਲਾਨੀ ਸਾਹਿਬ ਦੀ ਕਮੇਟੀ ਵੱਲੋਂ ਜੋ ਮਾਨਯੋਗ ਡਿਪਟੀ ਕਮਿਸ਼ਨਰ ਸਾਹਿਬ, ਕਾਹਨ ਸਿੰਘ ਪੰਨੂ ਵਲੋਂ ਮਿਤੀ 15-04-2010 ਨੂੰ ਅਤੇ ਮਾਨਯੋਗ ਕਮਿਸ਼ਨਰ ਸਾਹਿਬ, ਜਲੰਧਰ ਵਲੋਂ ਮਿਤੀ 27-02-2013 ਨੂੰ ਬਾਬਾ ਗੁਰਪਿੰਦਰ ਸਿੰਘ ਚੇਲਾ ਬਾਬਾ ਮੰਗਲ ਸਿੰਘ ਦੇ ਹੱਕ ਵਿਚ ਜੋ ਕੀਤੇ ਹੋਏ ਇੰਤਕਾਲ ਖਾਰਜ ਕਰ ਦਿੱਤੇ ਸੀ ਉਹਨਾਂ ਨੂੰ ਮਾਨਯੋਗ ਐਫ.ਸੀ.ਆਰ. ਸਾਹਿਬ ਨੇ ਮਿਤੀ 28-04-2023 ਨੂੰ ਇਹਨਾਂ ਇੰਤਕਾਲਾਂ ਨੂੰ ਮੁੜ ਬਹਾਲ ਕਰ ਦਿੱਤਾ ਸੀ। ਮਿਤੀ 26-09-2025 ਮਾਨਯੋਗ ਹਾਈਕੋਰਟ ਦੇ ਹੁਕਮਾਂ ਵਿਚ ਐਫ.ਸੀ.ਆਰ. ਦੇ ਆਰਡਰਾਂ ਨੂੰ ਬਰਕਰਾਰ ਰੱਖਿਆ ਗਿਆ ਅਤੇ ਇਹਨਾਂ ਦੀ ਅਪੀਲ ਨੂੰ ਖਾਰਜ ਕਰ ਦਿੱਤਾ ਗਿਆ ਹੈ। ਮਾਨਯੋਗ ਹਾਈਕੋਰਟ ਦੇ ਰਿਟ ਪਟੀਸ਼ਨ ਨੰ. ਇਹ ਹਨ- 3➡♦-15488-2023, 3➡♦-16639-2023, 3➡♦-16678-2023, 3➡♦-16702-2023, 3➡♦-16717-2023, 3➡♦- 16786-2023 ਜਿਸ ਵਿਚ ਮਾਨਯੋਗ ਕਾਹਨ ਸਿੰਘ ਪੰਨੂ ਵਲੋਂ ਜੋ ਇੰਤਕਾਲ ਦੇ ਪਟੇ ਖਾਰਜ ਕੀਤੇ ਗਏ। ਉਸ ਨੂੰ ਮਾਨਯੋਗ ਫਾਇਨੈਨਸ਼ੀਅਲ ਕਮਿਸ਼ਨਰ, ਚੰਡੀਗੜ੍ਹ ਨੇ ਇਹ ਟਿੱਪਣੀ ਵੀ ਕੀਤੀ ਕਿ ਡਿਪਟੀ ਕਮਿਸ਼ਨਰ ਸਾਹਿਬ ਨੂੰ ਰਜਿਸ਼ਟਰਡ ਲੀਜ ਡੀਡ ਅਤੇ ਇੰਤਕਾਲ ਤੋੜਣ ਦਾ ਕੋਈ ਅਧਿਕਾਰ ਨਹੀ ਹੈ। ਇਹ ਅਧਿਕਾਰ ਸਿਰਫ ਸਿਵਲ ਕੋਰਟ ਦੇ ਦਾਇਰੇ ਹੇਠਾਂ ਆਉਂਦਾ ਹੈ। ਇਹ ਇਕ ਰਾਜਨੀਤਿਕ ਫੈਸਲਾ ਸੀ ਜੋ ਉਸ ਸਮੇਂ ਦੇ ਇਲਾਕੇ ਦੇ ਅਕਾਲੀ ਲੀਡਰ ਵਲੋਂ ਕਰਵਾਇਆ ਗਿਆ ਸੀ। ਜੋ ਕੇ ਸਰਾਸਰ ਗਲਤ ਸੀ। ਜਦੋਂਕਿ ਮਾਨਯੋਗ ਡਿਪਟੀ ਕਮਿਸ਼ਨਰ ਸਾਹਿਬ, ਅੰਮ੍ਰਿਤਸਰ ਜੀ ਨੇ ਪਟਵਾਰੀਆ ਨੂੰ ਆਦੇਸ਼ ਜਾਰੀ ਵੀ ਕੀਤੇ ਕਿ ਐਫ.ਸੀ.ਆਰ. ਦੇ ਹੁਕਮਾਂ ਦੀ ਪਾਲਣਾ ਕੀਤੀ ਜਾਵੇ। ਪਰ ਇਹਨਾਂ ਨੇ ਮਾਨਯੋਗ ਡਿਪਟੀ ਕਮਿਸ਼ਨਰ ਸਾਹਿਬ ਜੀ ਦੇ ਆਰਡਰਾਂ ਦੀ ਵੀ ਕੋਈ ਪ੍ਰਵਾਹ ਨਹੀ ਕੀਤੀ। ਹੁਣ ਮਾਨਯੋਗ ਹਾਈਕੋਰਟ ਨੇ ਤਹਿਸੀਲਦਾਰ ਸਾਹਿਬ ਅੰਮ੍ਰਿਤਸਰ -2, ਤਹਿਸੀਲਦਾਰ ਸਾਹਿਬ ਅਜਨਾਲਾ, ਤਹਿਸੀਲਦਾਰ ਸਾਹਿਬ ਲੋਪੋਕੇ, ਤਹਿਸੀਲਦਾਰ ਸਾਹਿਬ ਆਟਾਰੀ ਅਤੇ ਪਟਵਾਰੀਆ ਨੂੰ ਐਫ.ਸੀ.ਆਰ. ਦੇ ਹੁਕਮਾਂ ਨੂੰ ਨਾ ਮੰਨਣ ਦੇ ਸਬੰਧ ਵਿਚ ਰਿਟ ਨੰ. 3®3♦-4668-2026 ਦੇ ਹੁਕਮਾਂ ਵਿਚ ਆਪਣਾ ਜੁਆਬ ਦੇਣ ਲਈ ਤਲਬ ਕਰ ਲਿਆ ਹੈ। ਸੋ ਮੈਂ ਪੰਜਾਬ ਸਰਕਾਰ ਨੂੰ ਬੇਨਤੀ ਕਰਦਾ ਹਾਂ ਕਿ ਇਹਨਾਂ ਹੁਕਮਾਂ ਦੀ ਪਾਲਣਾ ਕਰਵਾਈ ਜਾਵੇ ਅਤੇ ਇਹਨਾਂ ਪਟਵਾਰੀਆ ਨੂੰ ਸਖਤ ਆਦੇਸ਼ ਜਾਰੀ ਕੀਤੇ ਜਾਣ ਕਿ ਇਹ ਐਫ.ਸੀ.ਆਰ. ਦੇ ਹੁਕਮਾਂ ਦੀ ਇਨ-ਬਿੰਨ ਪਾਲਣਾ ਕਰਨ। ਕਿਉਂਕਿ ਇਹਨਾਂ ਇੰਤਕਾਲਾਂ ਸਬੰਧੀ ਕਿਸੇ ਵੀ ਅਦਾਲਤ ਵਿਚ ਕੋਈ ਕੇਸ ਨਹੀ ਚਲਦਾ ਅਤੇ ਨਾ ਹੀ ਕੋਈ ਸਟੇਅ ਹੋਇਆ ਹੈ।

## ਜੰਡਿਆਲਾ ਗੁਰੂ ਵਿੱਚ ਪੰਜਾਬ ਬਚਾਓ ਰੈਲੀ ਦੌਰਾਨ ਅਕਾਲੀ ਦਲ ਦਾ ਵੱਡਾ ਇਕੱਠ-ਕੰਵਰਦੀਪ ਸਿੰਘ ਮਾਨ



**ਚੌਕ ਮਹਿਤਾ, 25 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਮੱਲੀਆਂ ਵਿਖੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਇੰਚਾਰਜ ਸੰਦੀਪ ਸਿੰਘ ਏ.ਆਰ. ਦੀ ਅਗਵਾਈ ਹੇਠ 'ਪੰਜਾਬ ਬਚਾਓ' ਰੈਲੀ ਕਰਵਾਈ ਗਈ। ਰੈਲੀ ਦੌਰਾਨ ਪਾਰਟੀ ਆਗੂਆਂ ਅਤੇ ਵਰਕਰਾਂ ਦਾ ਵੱਡਾ ਇਕੱਠ ਦੇਖਣ ਨੂੰ ਮਿਲਿਆ। ਇਸ ਮੌਕੇ ਤੇ ਠਾਠਾਂ ਮਾਰਦਾ ਇਕੱਠ ਆਕਾਲੀ ਦਲ ਦੇ ਆਗੂਆਂ ਅਤੇ ਵਰਕਰਾਂ ਦਾ ਸੀ। ਇਸ ਮੌਕੇ ਤੇ ਹਲਕਾ ਜੰਡਿਆਲਾ ਗੁਰੂ ਦੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਸਰਕਲ ਜਲਾਲ ਉਸਮਾ ਆਗੂ ਕੰਵਰਦੀਪ ਸਿੰਘ ਮਾਨ ਜਨਰਲ ਕੌਂਸਲ ਮੈਂਬਰ, ਨੇ ਕਿਹਾ ਕਿ ਲੋਕ ਹੂੰ ਮਨ ਬਣਾ ਚੁੱਕੇ ਹਨ ਆਕਾਲੀ ਦਲ ਦੀ ਸਰਕਾਰ ਬਣਾਉਣ ਦਾ ਅਗਲੀ ਸਰਕਾਰ ਸ਼੍ਰੋਮਣੀ ਅਕਾਲੀ ਦੱਲ ਬਾਦਲ ਦੀ ਹੋਵੇਗੀ। ਅਤੇ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਹੋਣਗੇ। ਪ੍ਰਧਾਨ ਸੁਖਬੀਰ ਸਿੰਘ ਬਾਦਲ, ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਸਮੇਤ ਹੋਰ ਆਗੂਆਂ ਨੇ ਸੰਬੋਧਨ ਕੀਤਾ। ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀ ਖੇਤਰੀ ਪਾਰਟੀ ਹੈ ਅਤੇ ਪਾਰਟੀ ਨੇ ਹਮੇਸ਼ਾ ਕਿਸਾਨਾਂ, ਨੌਜਵਾਨਾਂ, ਵਪਾਰੀਆਂ, ਮਜ਼ਦੂਰਾਂ ਸਮੇਤ ਹਰ ਵਰਗ ਦੇ ਹੱਕਾਂ ਦੀ ਆਵਾਜ਼ ਬੁਲੰਦ ਕੀਤੀ ਹੈ। ਉਨ੍ਹਾਂ ਐਲਾਨ ਕੀਤਾ ਕਿ ਨੌਜਵਾਨਾਂ ਨੂੰ ਆਪਣਾ ਕਾਰੋਬਾਰ ਸ਼ੁਰੂ ਕਰਨ ਲਈ 10 ਲੱਖ ਰੁਪਏ ਤੱਕ ਦਾ ਵਿਆਜ ਮੁਕਤ ਕਰਜ਼ਾ ਦੇਣ ਦੀ ਯੋਜਨਾ ਬਣਾਈ ਜਾਵੇਗੀ। ਉਨ੍ਹਾਂ ਪੰਜਾਬ ਦੇ ਨੌਜਵਾਨਾਂ ਲਈ ਸਰਕਾਰੀ ਨੌਕਰੀਆਂ ਵਿੱਚ ਮੌਕੇ ਯਕੀਨੀ ਬਣਾਉਣ ਦੀ ਗੱਲ ਵੀ ਕਹੀ। ਬਾਦਲ ਨੇ ਆਟਾ-ਦਾਲ ਸਕੀਮ ਨੂੰ ਮੁੜ ਮਜ਼ਬੂਤ ਕਰਨ ਅਤੇ 4 ਰੁਪਏ ਪ੍ਰਤੀ ਕਿਲੋ ਦੇ ਹਿਸਾਬ ਨਾਲ 50 ਕਿਲੋ ਅਨਾਜ ਦੇਣ ਦਾ ਐਲਾਨ ਕੀਤਾ। ਇਸ ਤੋਂ ਇਲਾਵਾ ਸ਼ਗਨ ਸਕੀਮ ਦੀ ਰਾਸ਼ੀ ਵਧਾ ਕੇ ਇੱਕ ਲੱਖ ਰੁਪਏ ਕਰਨ ਦੀ ਗੱਲ ਵੀ ਆਖੀ ਬਿਕਰਮ ਸਿੰਘ ਮਜੀਠੀਆ ਨੇ ਆਮ ਆਦਮੀ ਪਾਰਟੀ ਸਰਕਾਰ 'ਤੇ ਨਿਸ਼ਾਨੇ ਸਾਧਦਿਆਂ ਪੰਜਾਬ ਦੀ ਸੰਪਤੀ ਅਤੇ ਸਰੋਤਾਂ ਦੀ ਕਥਿਤ ਲੁੱਟ ਦੇ ਦੋਸ਼ ਲਗਾਏ। ਉਨ੍ਹਾਂ ਗਮਾਡਾ ਜ਼ਮੀਨ ਨਾਲ ਜੁੜੇ ਮਾਮਲਿਆਂ ਅਤੇ ਈ.ਡੀ. ਦੀ ਹਾਲੀਆ ਕਾਰਵਾਈ ਦਾ ਜ਼ਿਕਰ ਕਰਦਿਆਂ ਸਰਕਾਰ ਤੋਂ ਜਵਾਬਦੇਹੀ ਦੀ ਮੰਗ ਕੀਤੀ। ਉਨ੍ਹਾਂ ਜੰਡਿਆਲਾ ਗੁਰੂ ਦੀ ਅਮਨ-ਕਾਨੂੰਨ ਦੀ ਸਥਿਤੀ 'ਤੇ ਵੀ ਸਵਾਲ ਚੁੱਕੇ। ਇਸ ਮੌਕੇ ਸੰਦੀਪ ਸਿੰਘ ਏ.ਆਰ., ਰਾਜਵਿੰਦਰ ਸਿੰਘ ਰਾਜਾ ਲਦੇਹ, ਅਮਰਜੀਤ ਸਿੰਘ ਬੰਡਾਲਾ, ਪ੍ਰੋ. ਵਿਰਸਾ ਸਿੰਘ ਵਲਟੋਹਾ, ਗੁਲਜ਼ਾਰ ਸਿੰਘ ਰਣੀਕੇ , ਕੰਵਲਦੀਪ ਸਿੰਘ ਮਾਨ, ਸਮੇਤ ਕਈ ਆਗੂ ਅਤੇ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਰਾਗੀ ਸਿੰਘਾਂ ਦੇ ਸਨਮਾਨ ਲਈ ਦਿੱਲੀ ਕਮੇਟੀ ਦਾ ਵਿਸ਼ੇਸ਼ ਉਪਰਾਲਾ

# ਰਾਗੀ ਸਿੰਘਾਂ ਵੱਲੋਂ ਜਸਪ੍ਰੀਤ ਸਿੰਘ ਕਰਮਸਰ ਦਾ ਸਨਮਾਨ



ਨਵੀਂ ਦਿੱਲੀ 25 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):– ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਮਤਿ ਮਰਿਆਦਾ ਅਤੇ ਗੁਰੂ ਸਾਹਿਬ ਵੱਲੋਂ ਦਰਸਾਈਆਂ ਕੀਰਤਨ ਪਰੰਪਰਾਵਾਂ ਅਨੁਸਾਰ ਸੇਵਾ ਨਿਭਾਉਣ ਵਾਲੇ ਰਾਗੀ ਸਿੰਘਾਂ ਨੂੰ ਮਾਣ–ਸਤਿਕਾਰ ਦੇਣ ਲਈ ਵਿਸ਼ੇਸ਼ ਉਪਰਾਲਾ ਕੀਤਾ ਗਿਆ ਹੈ। ਕਮੇਟੀ ਦੇ ਧਰਮ ਪ੍ਰਚਾਰ ਮੁਖੀ ਜਸਪ੍ਰੀਤ ਸਿੰਘ ਕਰਮਸਰ ਨੇ ਦੱਸਿਆ ਕਿ ਇਸ ਤਹਿਤ ਕਰਵਾਏ ਗਏ ਸਨਮਾਨ ਸਮਾਰੋਹ ਦੌਰਾਨ ਸੰਸਾਰ ਭਰ ਵਿੱਚ ਕੀਰਤਨ ਦੀ ਸੇਵਾ ਨਿਭਾਉਣ ਵਾਲੇ ਸ਼੍ਰੋਮਣੀ ਕੀਰਤਨੀਆਂ ਨੂੰ ਕੁੱਲ 11 ਲੱਖ ਰੁਪਏ ਦੀ ਸਨਮਾਨ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ। ਇਸੇ ਲੜੀ ਤਹਿਤ ਦਿੱਲੀ ਕਮੇਟੀ ਨਾਲ ਸੇਵਾ ਨਿਭਾ ਰਹੇ ਰਾਗੀ ਸਿੰਘਾਂ ਦੀ ਹੌਸਲਾ–ਅਫ਼ਜ਼ਾਈ ਲਈ ਪੰਜ ਮੈਂਬਰੀ ਕਮੇਟੀ ਦਾ ਗਠਨ ਕਰਕੇ ਚੋਣ ਕੀਤੀ ਗਈ ਅਤੇ ਚੁਣੇ ਗਏ ਰਾਗੀ ਸਿੰਘਾਂ ਨੂੰ ਸਵਾ ਲੱਖ ਰੁਪਏ ਦੀ ਸਨਮਾਨ ਰਾਸ਼ੀ ਅਤੇ 'ਸ਼੍ਰੋਮਣੀ ਕੀਰਤਨੀਏ' ਐਵਾਰਡ ਪ੍ਰਦਾਨ ਕੀਤੇ ਗਏ। ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਦਿੱਲੀ ਕਮੇਟੀ ਦੇ ਸਮੂਹ ਰਾਗੀ ਸਿੰਘ ਅੱਜ ਕਮੇਟੀ ਦਫ਼ਤਰ ਵਿਖੇ ਇਕੱਠੇ ਹੋਏ ਅਤੇ ਧਰਮ ਪ੍ਰਚਾਰ ਮੁਖੀ ਜਸਪ੍ਰੀਤ ਸਿੰਘ ਕਰਮਸਰ ਨੂੰ ਸਨਮਾਨਿਤ ਕੀਤਾ। ਰਾਗੀ ਸਿੰਘਾਂ ਨੇ ਕਿਹਾ ਕਿ ਕੀਰਤਨ ਦੀ ਸੇਵਾ ਨਾਲ ਜੁੜੇ ਸੇਵਾਦਾਰਾਂ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਜਾ ਰਹੇ ਅਜਿਹੇ ਉਪਰਾਲੇ ਸੇਵਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ। ਇਸ ਮੌਕੇ ਕਰਮਸਰ ਨੇ ਕਿਹਾ ਕਿ ਗੁਰੂ ਘਰ ਦੀ ਕੀਰਤਨ ਪਰੰਪਰਾ ਅਤੇ ਗੁਰਮਤਿ ਮਰਿਆਦਾ ਅਨੁਸਾਰ ਸੇਵਾ ਨਿਭਾਉਣ ਵਾਲੇ ਰਾਗੀ ਸਿੰਘਾਂ ਨੂੰ ਬਣਦਾ ਮਾਣ–ਸਤਿਕਾਰ ਦੇਣ ਦੀ ਇਹ ਪ੍ਰਕਿਰਿਆ ਅੱਗੇ ਵੀ ਜਾਰੀ ਰੱਖਣ ਦੇ ਯਤਨ ਕੀਤੇ ਜਾਣਗੇ।

ਸਟੇਟ ਅਵਾਰਡੀ ਬੀਡੀਪੀਓ ਲਖਵਿੰਦਰ ਸਿੰਘ ਅਤੇ ਜ਼ਿਲ੍ਹਾ ਕੋਆਰਡੀਨੇਟਰ ਗੁਰਵੀਰ ਸਿੰਘ ਦਾ

# ਕਲੱਸਟਰ ਰਾਏ ਕੇ ਕਲਾਂ ਵੱਲੋਂ ਸਨਮਾਨ







ਤਲਵੰਡੀ ਸਾਬੋ, 25 ਸਤੰਬਰ (ਗੁਰਜੰਟ ਸਿੰਘ ਨਥੇਹਾ)– ਸਰਕਾਰੀ ਪ੍ਰਾਇਮਰੀ ਸਕੂਲ ਬੰਬੀਹਾ ਕਲਾਂ, ਕਲੱਸਟਰ ਰਾਏ ਕੇ ਕਲਾਂ ਵਿਖੇ ਪ੍ਰਭਾਵਸ਼ਾਲੀ ਸਨਮਾਨ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਸਟੇਟ ਅਵਾਰਡੀ ਬੀਡੀਪੀਓ ਸ. ਲਖਵਿੰਦਰ ਸਿੰਘ ਅਤੇ ਮਿਸ਼ਨ ਸਮਰੱਥ ਬਠਿੰਡਾ ਦੇ ਜ਼ਿਲ੍ਹਾ ਕੋਆਰਡੀਨੇਟਰ ਸ. ਗੁਰਵੀਰ ਸਿੰਘ ਦਾ ਕਲੱਸਟਰ ਰਾਏ ਕੇ ਕਲਾਂ ਦੇ ਸਮੂਹ ਮੁੱਖ ਅਧਿਆਪਕਾਂ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਮੁੱਖ ਅਧਿਆਪਕਾਂ ਵੱਲੋਂ ਦੋਵਾਂ ਸਿੱਖਿਆ ਅਧਿਕਾਰੀਆਂ ਨੂੰ ਸਿੱਖਿਆ ਦੇ ਖੇਤਰ ਵਿੱਚ ਨਿਭਾਈਆਂ ਜਾ ਰਹੀਆਂ ਸੇਵਾਵਾਂ ਅਤੇ ਵਿਭਾਗ ਪ੍ਰਤੀ ਸਮਰਪਣ ਲਈ ਸਨਮਾਨ ਚਿੰਨ੍ਹ ਅਤੇ ਫੁੱਲਾਂ ਦੇ ਗੁਲਦਸਤੇ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਸਮਾਰੋਹ ਦੌਰਾਨ ਅਧਿਆਪਕਾਂ ਅਤੇ ਵਿਦਿਆਰਥੀਆਂ ਵਿੱਚ ਵਿਸ਼ੇਸ਼ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੌਕੇ ਸ਼੍ਰੀਮਤੀ ਗੀਤਾ, ਸ. ਅਮਰੀਕ ਸਿੰਘ, ਸ. ਰਾਜਕੁਮਾਰ, ਸ. ਕਪੂਰ ਚੰਦ ਤੋਂ ਇਲਾਵਾ ਸ. ਕੁਲਦੀਪ ਸਿੰਘ, ਸ. ਮਨਦੀਪ ਸਿੰਘ, ਸ. ਸੰਜੀਵ ਕੁਮਾਰ, ਬੀਆਰਸੀ ਸ. ਮਨੀਸ਼ ਮਹਿਤਾ, ਬੀਆਰਸੀ ਸ. ਮਨਜਿੰਦਰ ਸਿੰਘ ਅਤੇ ਈਟੀਟੀ ਸ. ਮਨਦੀਪ ਸਿੰਘ ਸਮੇਤ ਹੋਰ ਅਧਿਆਪਕ ਹਾਜ਼ਰ ਸਨ। ਸਮਾਗਮ ਦੌਰਾਨ ਸਰਕਾਰੀ ਪ੍ਰਾਇਮਰੀ ਸਕੂਲ ਬੰਬੀਹਾ ਕਲਾਂ ਦੀ ਸ਼੍ਰੀਮਤੀ ਹਰਦੀਪ ਕੌਰ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਮੂਹ ਅਧਿਆਪਕਾਂ ਨੇ ਕਿਹਾ ਕਿ ਅਜਿਹੇ ਸਨਮਾਨ ਸਮਾਰੋਹ ਸਿੱਖਿਆ ਵਿਭਾਗ ਨਾਲ ਜੁੜੇ ਅਧਿਕਾਰੀਆਂ ਅਤੇ ਅਧਿਆਪਕਾਂ ਨੂੰ ਹੋਰ ਉਤਸ਼ਾਹ ਅਤੇ ਸਮਰਪਣ ਨਾਲ ਸਿੱਖਿਆ ਦੇ ਖੇਤਰ ਵਿੱਚ ਕੰਮ ਕਰਨ ਲਈ ਪ੍ਰੇਰਿਤ ਕਰਦੇ ਹਨ। ਇਹ ਜਾਣਕਾਰੀ ਕਲੱਸਟਰ ਰਾਏ ਕੇ ਕਲਾਂ ਦੇ ਸੀਐਚਟੀ ਸ. ਬਲਤੇਜ ਸਿੰਘ ਵੱਲੋਂ ਦਿੱਤੀ ਗਈ।

# ਇੰਡੀਅਨ ਸੋਸ਼ਲ ਵੈਲਫੇਅਰ ਸੁਸਾਇਟੀ ਨੇ ਵਿਧਾਇਕ ਫ਼ਿਰੋਜ਼ਪੁਰ ਸ਼ਹਿਰੀ ਨਾਲ ਕੀਤੀ ਵਾਰਤਾ



ਫ਼ਿਰੋਜ਼ਪੁਰ, 25 ਸਤੰਬਰ (ਮਨੋਹਰ ਲਾਲ) ਯ— ਸ਼ਹਿਰ ਨਿਵਾਸੀਆਂ ਨੂੰ ਦਰਪੇਸ਼ ਆ ਰਹੀਆਂ ਸਮੱਸਿਆਵਾਂ ਦੇ ਨਿਪਟਾਰੇ ਲਈ ਅੱਜ ਇੰਡੀਅਨ ਸੋਸ਼ਲ ਵੈਲਫੇਅਰ ਸੋਸਾਇਟੀ (ਰਜਿਯ) ਫਿਰੋਜ਼ਪੁਰ ਵੱਲੋਂ ਫ਼ਿਰੋਜ਼ਪੁਰ ਸ਼ਹਿਰੀ ਦੇ ਵਿਧਾਇਕ ਰਣਬੀਰ ਸਿੰਘ ਭੁੱਲਰ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੁਸਾਇਟੀ ਆਗੂਆਂ ਨੇ ਦੱਸਿਆ ਕਿ ਮੀਟਿੰਗ ਦੌਰਾ ਚੌਂਕ ਸ਼ਹੀਦ ਭਗਤ ਸਿੰਘ ਮੁਲਤਾਨੀ ਗੇਟ ਦਾ ਨਵੀਨੀਕਰਨ ਅਤੇ ਨਵੇਂ ਬੁੱਤ ਲਗਾਉਣ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ, ਜਿਸ ਤੇ ਐਮ ਐਲ ਏ ਫ਼ਿਰੋਜ਼ਪੁਰ ਸ਼ਹਿਰੀ ਨੇ ਸੁਸਾਇਟੀ ਮੈਂਬਰਾਂ ਨੂੰ ਦੱਸਿਆ ਕਿ ਸ਼ਹੀਦ ਭਗਤ ਸਿੰਘ ਜੀ ਦਾ ਬੁੱਤ ਵੱਡਾ ਅਤੇ ਚੋਂਕ ਨੂੰ ਵਧਿਆ ਤੇ ਸੁੰਦਰ ਬਣਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਚੌਂਕ ਨੂੰ ਨਵਾਂ ਬਣਾਉਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ। ਇੰਡੀਅਨ ਸੋਸ਼ਲ ਵੈਲਫੇਅਰ ਸੋਸਾਇਟੀ ਦੇ ਮੈਂਬਰਾਂ ਵੱਲੋਂ ਐਮ ਐਲ ਏ ਰਣਬੀਰ ਸਿੰਘ ਭੁੱਲਰ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਸੁਸਾਇਟੀ ਪੈਟਰਨ ਹਰਜੀਤ ਸਿੰਘ, ਕੁਲਦੀਪ ਰਾਏ, ਪ੍ਰਮੋਦ ਕਪੂਰ, ਗੁਰਪ੍ਰੀਤ ਸਿੰਘ, ਵਿਵੇਕ ਮਲਹੋਤਰਾ ਪੀ ਏ ਹਿਮਾਂਸ਼ੂ ਅਤੇ ਮਹਿੰਦਰ ਬਜਾਜ ਸਨ।

# ਬਾਬੇ ਕੇ ਫਾਰਮ ਇੰਗਲੈਂਡ ਦੇ ਮੁੱਖ ਪ੍ਰਬੰਧਕ ਜਸਵਿੰਦਰ ਸਿੰਘ ਕਾਲਾ ਦਾ ਦਿੱਲੀ ਵਿਖੇ ਕੀਤਾ ਗਿਆ ਨਿੱਘਾ ਸਵਾਗਤ ਤੇ ਸਨਮਾਨ



ਫ਼ਿਰੋਜ਼ਪੁਰ, 25 ਸਤੰਬਰ (ਮਨੋਹਰ ਲਾਲ) — ਬਾਬੇ ਕੇ ਫਾਰਮ ਇੰਗਲੈਂਡ ਵਿਖੇ ਧੰਨ ਧੰਨ ਬਾਬਾ ਨੰਦ ਸਿੰਘ ਜੀ ਮਹਾਰਾਜ ਦੇ ਬਰਸੀ ਸਮਾਗਮਾਂ ਦੇ ਬਾਬੇ ਕੇ ਫਾਰਮ ਦੇ ਮੁੱਖ ਪ੍ਰਬੰਧਕ ਜਸਵਿੰਦਰ ਸਿੰਘ ਕਾਲਾ (ਬਰਮਿੰਘਮ, ਯੂ ਕੇ।) ਵਿਸ਼ੇਸ਼ ਤੌਰ ਤੇ ਦਿੱਲੀ ਪਹੁੰਚੇ। ਦਿੱਲੀ ਆਗਮਨ ਤੇ ਪੰਥ ਦੇ ਮਹਾਨ ਕਥਾ ਵਾਚਕ ਭਾਈ ਸੁਖਦੇਵ ਸਿੰਘ ਡੱਲਾ ਦੇ ਨਿਵਾਸ ਅਸਥਾਨ ਤੇ ਜਸਵਿੰਦਰ ਸਿੰਘ ਕਾਲਾ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਦੀ ਭਰਪੂਰ ਆਓ ਭਗਤ ਕੀਤੀ ਗਈ। ਇਸ ਦੌਰਾਨ ਪੰਥਕ ਕਥਾਵਾਚਕ ਭਾਈ ਸੁਖਦੇਵ ਸਿੰਘ ਡੱਲਾ ਨੇ ਗੱਲਬਾਤ ਕਰਦਿਆਂ ਆਖਿਆ ਕਿ ਬਾਬੇ ਕੇ ਫਾਰਮ ਇੰਗਲੈਂਡ (ਬਰਮਿੰਘਮ) ਤੋਂ ਜਸਵਿੰਦਰ ਸਿੰਘ ਕਾਲਾ ਲੰਮੇ ਸਮੇਂ ਤੋਂ ਧੰਨ ਧੰਨ ਬਾਬਾ ਨੰਦ ਸਿੰਘ ਜੀ ਦੀ ਬਰਸੀ ਬੜੀ ਸ਼ਰਧਾ ਅਤੇ ਭਾਵਨਾ ਨਾਲ ਮਨਾਉਂਦੇ ਆ ਰਹੇ ਹਨ। ਇਨ੍ਹਾਂ ਸਮਾਗਮਾਂ ਵਿੱਚ ਦੇਸ਼ ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਅਤੇ ਸੰਤ ਮਹਾਪੁਰਸ਼ ਸ਼ਿਰਕਤ ਕਰਦੇ ਹਨ, ਜੋ ਕਿ ਇੱਕ ਬਹੁਤ ਹੀ ਸ਼ਲਾਘਾਯੋਗ ਅਤੇ ਉੱਦਮੀ ਕਦਮ ਹੈ। ਭਾਈ ਡੱਲਾ ਨੇ ਵਾਹਿਗੁਰੂ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ ਕਿ ਜਸਵਿੰਦਰ ਸਿੰਘ ਕਾਲਾ ਨੂੰ ਲੰਮੀ ਉਮਰ, ਸਿਹਤਯਾਬੀ ਅਤੇ ਚੜ੍ਹਦੀ ਕਲਾ ਬਖਸ਼ਣ ਤਾਂ ਜੋ ਉਹ ਭਵਿੱਖ ਵਿੱਚ ਵੀ ਧੰਨ ਧੰਨ ਬਾਬਾ ਨੰਦ ਸਿੰਘ ਜੀ ਦੀ ਬਰਸੀ ਸਮਾਗਮ ਹੋਰ ਵੀ ਵੱਡੇ ਪੱਧਰ ਤੇ ਮਨਾਉਂਦੇ ਰਹਿਣ। ਸਨਮਾਨ ਪ੍ਰਾਪਤ ਕਰਨ ਤੋਂ ਬਾਅਦ ਜਸਵਿੰਦਰ ਸਿੰਘ ਕਾਲਾ ਨੇ ਆਖਿਆ ਕਿ ਇਹ ਸਾਰੇ ਸਮਾਗਮ ਅਤੇ ਸੇਵਾਵਾਂ ਧੰਨ ਧੰਨ ਸ਼੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਆਪ ਆਪਨੀ ਮਿਹਰ ਨਾਲ ਕਰਵਾਉਂਦੇ ਹਨ। ਉਨ੍ਹਾਂ ਕਿਹਾ ਕਿ ਸੰਗਤਾਂ ਦਾ ਇਹ ਪ੍ਰੇਮ ਅਤੇ ਸਤਿਕਾਰ ਹੀ ਉਨ੍ਹਾਂ ਦੀ ਸਭ ਤੋਂ ਵੱਡੀ ਤਾਕਤ ਹੈ। ਇਸ ਮੌਕੇ ਸਰਬਜੀਤ ਸਿੰਘ ਜੀਤੀ (ਨਿੱਝਰ ਪਿੰਡ ਕੋਠਾ) ਵੀ ਵਿਸ਼ੇਸ਼ ਤੌਰ ਤੇ ਮੌਜੂਦ ਸਨ।

# ਆਨਲਾਈਨ ਅਰਜ਼ੀਆਂ ਤੇ ਪ੍ਰਸ਼ਾਸਕੀ ਦੇਰੀ ਕਾਰਨ ਉਮੀਦਵਾਰਾਂ ਬਿਨੈਕਾਰਾਂ ਨੂੰ ਵਾਂਚਿਤ ਨਾ ਕੀਤਾ ਜਾਵੇ—ਪਾਰਦਰਸ਼ੀ ਤੇ ਨਿਰਪੱਖ ਕਾਰਵਾਈ ਦੀ ਮੰਗ—ਪੀ. ਸੀ. ਕੁਮਾਰ



ਫ਼ਿਰੋਜ਼ਪੁਰ, 25 ਸਤੰਬਰ (ਮਨੋਹਰ ਲਾਲ)— ਪ੍ਰਸ਼ਾਸਕੀ ਦੇਰੀ ਜਾਂ ਪ੍ਰਕਿਰਿਆਗਤ ਕਾਰਨਾਂ ਕਰਕੇ ਅਰਜ਼ੀਆਂ ਨੂੰ ਲੰਬਿਤ ਰੱਖਣ ਦੀ ਥਾਂ ਨਿਰਪੱਖ ਤੇ ਪਾਰਦਰਸ਼ੀ ਫੈਸਲਾ ਲਿਆ ਜਾਵੇ। ਇਹ ਵਿਚਾਰ ਸਾਂਝੇ ਕਰਦਿਆਂ ਪੀ ।ਸੀ ਕੁਮਾਰ ਨੇ ਦੱਸਿਆ ਕਿ ਅਰਜ਼ੀਆਂ ਦੀ ਆਨਲਾਈਨ ਸਬਮਿਸ਼ਨ, ਰਸੀਦ, ਫਾਈਲ ਮੂਵਮੈਂਟ ਅਤੇ ਇਤਰਾਜ਼ਾਂ ਸੰਬੰਧੀ ਰਿਕਾਰਡ ਦੀ ਜਾਂਚ ਕੀਤੀ ਜਾਵੇ। ਕਿਸੇ ਵੀ ਵਿਅਕਤੀਗਤ ਪਸੰਦ ਨਾਪਸੰਦ ਜਾਂ ਵਿਤਕਰੇ ਤੋਂ ਬਿਨਾਂ ਹਰੇਕ ਯੋਗ ਮਾਮਲੇ ਨੂੰ ਬਰਾਬਰ ਮੌਕਾ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਅਰਜ਼ੀ ਨੂੰ ਖਾਰਜ ਕਰਨ ਜਾਂ ਰੋਕਣ ਦੀ ਸੂਰਤ ਵਿੱਚ ਬਿਨੈਕਾਰ ਨੂੰ ਲਿਖਤੀ ਅਤੇ ਨਿਯਮਸੰਗਤ ਕਾਰਨ ਦੱਸਿਆ ਜਾਵੇ ।ਉਨ੍ਹਾਂ ਕਿਹਾ ਕਿ ਸਮੇਂ ਸਿਰ ਆਨਲਾਈਨ ਪ੍ਰਾਪਤ ਹੋਈਆਂ ਅਰਜ਼ੀਆਂ ਤੇ ਪ੍ਰਸ਼ਾਸਕੀ ਦੇਰੀ ਜਾਂ ਦਫ਼ਤਰੀ ਪ੍ਰਕਿਰਿਆਵਾਂ ਕਾਰਨ ਬਿਨੈਕਾਰਾਂ ਨੂੰ ਮੌਕੇ ਤੋਂ ਵਾਂਚਿਤ ਨਾ ਕਰਨ ਲਈ ਆਵਾਜ਼ ਉਠਾਈ ਗਈ ਹੈ। ਮੰਗ ਕੀਤੀ ਗਈ ਹੈ ਕਿ ਲੰਬਿਤ ਮਾਮਲਿਆਂ ਦੀ ਨਿਰਪੱਖ ਜਾਂਚ ਕੀਤੀ ਜਾਵੇ ਤੇ ਪਾਰਦਰਸ਼ਤਾ ਨਾਲ ਲਿਖਤੀ ਫੈਸਲਾ ਦਿੱਤਾ ਜਾਵੇ। ਪ੍ਰਤੀਨਿਧਤਾ ਵਿੱਚ ਸਪੱਸ਼ਟ ਕੀਤਾ ਹੈ ਕਿ ਇਹ ਮੰਗ ਕਿਸੇ ਵਿਅਕਤੀ ਵਿਸ਼ੇਸ਼ ਦੇ ਵਿਰੁੱਧ ਨਹੀਂ ਹੈ, ਬਲਕਿ ਇਸ ਦਾ ਮੁੱਖ ਉਦੇਸ਼ ਜਨਹਿਤ, ਨਿਰਪੱਖਤਾ, ਸਮਾਨ ਵਿਵਹਾਰ ਅਤੇ ਜਵਾਬਦੇਹੀ ਨੂੰ ਯਕੀਨੀ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਸੰਬੰਧਿਤ ਮੂਲ ਰਿਕਾਰਡ, ਆਨਲਾਈਨ ਸਬਮਿਸ਼ਨ, ਰਸੀਦ, ਫਾਈਲ ਦੀ ਆਵਾਜਾਈ ਅਤੇ ਇਤਰਾਜ਼ਾਂ ਦਾ ਰਿਕਾਰਡ ਮੰਗਵਾ ਕੇ ਇਹ ਪਤਾ ਲਗਾਉਣ ਦੀ ਬੇਨਤੀ ਕੀਤੀ ਗਈ ਹੈ ਕਿ ਅਰਜ਼ੀ ਸਮੇਂ ਸਿਰ ਪ੍ਰਾਪਤ ਅਤੇ ਸਵੀਕਾਰ ਹੋਈ ਸੀ ਜਾਂ ਨਹੀਂ, ਮਾਮਲਾ ਕਿਸ ਪੱਧਰ ਤੇ ਅਤੇ ਕਿੰਨੇ ਸਮੇਂ ਲਈ ਲੰਬਿਤ ਰਿਹਾ, ਜੇਕਰ ਅਰਜ਼ੀ ਅੱਗੇ ਫਾਰਵਰਡ ਨਹੀਂ ਕੀਤੀ ਗਈ ਤਾਂ ਉਸ ਦਾ ਲਿਖਤੀ ਤੇ ਨਿਯਮਸੰਗਤ ਕਾਰਨ ਕੀ ਸੀ, ਕੀ ਬਿਨੈਕਾਰ ਨੂੰ ਕਿਸੇ ਇਤਰਾਜ਼ ਜਾਂ ਘਾਟ ਬਾਰੇ ਸਮੇਂ ਸਿਰ ਸੂਚਿਤ ਕੀਤਾ ਗਿਆ ਸੀ, ਬਰਾਬਰਤਾ ਅਤੇ ਪਾਰਦਰਸ਼ੀ ਫੈਸਲਾ, ਪ੍ਰਸ਼ਾਸਕੀ ਪ੍ਰਕਿਰਿਆ ਵਿੱਚ ਹਰੇਕ ਯੋਗ ਅਰਜ਼ੀ ਨੂੰ ਉਸ ਦੇ ਮਾਪਦੰਡਾਂ ਅਨੁਸਾਰ ਵਿਚਾਰਿਆ ਜਾਣਾ ਚਾਹੀਦਾ ਹੈ। ਕਿਸੇ ਵੀ ਪੂਰਵ ਧਾਰਨਾ ਜਾਂ ਅਣਜਾਣੇ ਵਿਤਕਰੇ ਦੀ ਗੁੰਜਾਇਸ਼ ਨੂੰ ਖ਼ਤਮ ਕਰਕੇ ਯੋਗ ਮਾਮਲਿਆਂ ਨਾਲ ਬਰਾਬਰ ਵਿਵਹਾਰ ਕੀਤਾ ਜਾਵੇ। ਇਸ ਦੇ ਨਾਲ ਹੀ ਇਹ ਮੰਗ ਵੀ ਰੱਖੀ ਗਈ ਹੈ ਕਿ ਜੇਕਰ ਕਿਸੇ ਅਰਜ਼ੀ ਨੂੰ ਅੱਗੇ ਨਾ ਭੇਜਣ ਜਾਂ ਵਿਚਾਰ ਤੋਂ ਬਾਹਰ ਰੱਖਣ ਦਾ ਫੈਸਲਾ ਲਿਆ ਜਾਂਦਾ ਹੈ ਤਾਂ ਬਿਨੈਕਾਰ ਨੂੰ ਸਪੱਸ਼ਟ ਕਾਰਨਾਂ ਸਮੇਤ ਫੈਸਲਾ ਦਿੱਤਾ ਜਾਵੇ, ਸਿਰਫ਼ ਇਹ ਕਹਿ ਦੇਣਾ ਕਿ ਮਾਮਲਾ ਬਗਰਫਕਤਤ ਵਿੱਚ ਹੈ, ਕਾਫ਼ੀ ਨਹੀਂ ਹੈ।

ਪਰਮਜੀਤ ਸਿੰਘ ਵੀਰਜੀ ਦੇ ਉਪਰਾਲਿਆਂ ਸਦਕਾ

# ਸੰਗਤ ਨੇ ਕੀਤੇ ਇਤਿਹਾਸਿਕ ਗੁਰਧਾਮਾਂ ਦੇ ਦਰਸ਼ਨ



**ਨਵੀਂ ਦਿੱਲੀ, 25 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**-ਧਰਮ ਪ੍ਰਚਾਰ ਨੂੰ ਸਿਰਫ਼ ਮੰਚਾਂ, ਭਾਸ਼ਣਾਂ ਅਤੇ ਐਲਾਨਾਂ ਤੱਕ ਸੀਮਤ ਰੱਖਣ ਦੀ ਬਜਾਏ ਸੰਗਤ ਨੂੰ ਗੁਰਬਾਣੀ, ਸਿੱਖ ਇਤਿਹਾਸ ਅਤੇ ਸੇਵਾ ਨਾਲ ਅਮਲੀ ਤੌਰ 'ਤੇ ਜੋੜਨ ਲਈ ਗੁਰੂਬਾਣੀ ਰਿਸਰਚ ਫਾਊਂਡੇਸ਼ਨ ਦੇ ਮੁਖੀ ਅਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਬੁਲਾਰੇ ਪਰਮਜੀਤ ਸਿੰਘ ਵੀਰਜੀ ਵੱਲੋਂ ਕੀਤੇ ਜਾ ਰਹੇ ਉਪਰਾਲੇ ਸੰਗਤ ਵਿੱਚ ਚਰਚਾ ਦਾ ਵਿਸ਼ਾ ਬਣ ਰਹੇ ਹਨ। ਇਸੇ ਲੜੀ ਤਹਿਤ ਸੰਗਤ ਨੂੰ ਗਵਾਲੀਅਰ ਦੇ ਇਤਿਹਾਸਿਕ ਗੁਰਦੁਆਰਾ ਦਾਤਾ ਬੰਦੀ ਛੋੜ ਦੇ ਦਰਸ਼ਨ ਕਰਵਾਏ ਗਏ। ਇਸ ਤੋਂ ਬਾਅਦ ਵਾਪਸੀ ਦੌਰਾਨ ਗੁਰੂ ਤੇਗ ਬਹਾਦਰ ਸਾਹਿਬ ਜੀ ਨਾਲ ਸਬੰਧਤ ਇਤਿਹਾਸਿਕ ਅਸਥਾਨ ਗੁਰਦੁਆਰਾ ਗੁਰੂ ਕੇ ਤਾਲ, ਆਗਰਾ ਵਿਖੇ ਵੀ ਸੰਗਤ ਨੇ ਨਤਮਸਤਕ ਹੋ ਕੇ ਦਰਸ਼ਨ-ਦੀਦਾਰੇ ਕੀਤੇ। ਇਸ ਮੌਕੇ ਸੰਗਤ ਨੂੰ ਇਨ੍ਹਾਂ ਇਤਿਹਾਸਿਕ ਅਸਥਾਨਾਂ ਨਾਲ ਜੁੜੇ ਸਿੱਖ ਇਤਿਹਾਸ ਨੂੰ ਨੇੜਿਓਂ ਜਾਣਨ ਅਤੇ ਗੁਰਬਾਣੀ ਨਾਲ ਜੁੜਨ ਦਾ ਮੌਕਾ ਮਿਲਿਆ। ਪਰਮਜੀਤ ਸਿੰਘ ਵੀਰਜੀ ਵੱਲੋਂ ਇਸ ਤੋਂ ਪਹਿਲਾਂ ਵੀ ਵੱਖ-ਵੱਖ ਇਤਿਹਾਸਿਕ ਗੁਰਧਾਮਾਂ ਦੇ ਦਰਸ਼ਨ ਕਰਵਾਉਣ ਦੇ ਉਪਰਾਲੇ ਕੀਤੇ ਜਾਂਦੇ ਰਹੇ ਹਨ। ਇਨ੍ਹਾਂ ਉਪਰਾਲਿਆਂ ਦਾ ਉਦੇਸ਼ ਖਾਸ ਕਰਕੇ ਨੌਜਵਾਨ ਪੀੜ੍ਹੀ ਨੂੰ ਸਿੱਖ ਇਤਿਹਾਸ ਅਤੇ ਆਪਣੇ ਧਾਰਮਿਕ ਵਿਰਸੇ ਨਾਲ ਜੋੜਨਾ ਦੱਸਿਆ ਜਾ ਰਿਹਾ ਹੈ। ਗੁਰਧਾਮਾਂ ਦੇ ਦਰਸ਼ਨਾਂ ਰਾਹੀਂ ਸੰਗਤ ਨੂੰ ਇਤਿਹਾਸਿਕ ਅਸਥਾਨਾਂ ਨਾਲ ਜੋੜਨ ਦੀ ਇਹ ਪਹੁੰਚ ਧਰਮ ਪ੍ਰਚਾਰ ਨੂੰ ਸਿਰਫ਼ ਸੁਣਨ ਤੱਕ ਨਹੀਂ, ਸਗੋਂ ਇਤਿਹਾਸ ਨੂੰ ਆਪਣੀਆਂ ਅੱਖਾਂ ਨਾਲ ਵੇਖਣ ਅਤੇ ਉਸ ਨਾਲ ਭਾਵਨਾਤਮਕ ਤੌਰ 'ਤੇ ਜੁੜਨ ਦਾ ਮੌਕਾ ਦਿੰਦੀ ਹੈ। ਪਰਮਜੀਤ ਸਿੰਘ ਵੀਰਜੀ ਦੇ ਉਪਰਾਲਿਆਂ ਦੀ ਇੱਕ ਹੋਰ ਅਹਿਮ ਵਿਸ਼ੇਸ਼ਤਾ ਧਰਮ ਪ੍ਰਚਾਰ ਦੇ ਨਾਲ ਸੇਵਾ ਕਾਰਜਾਂ ਨੂੰ ਤਰਜੀਹ ਦੇਣਾ ਹੈ। ਗੁਰਬਾਣੀ ਕੰਠ ਮੁਕਾਬਲਿਆਂ ਰਾਹੀਂ ਬੱਚਿਆਂ ਨੂੰ ਗੁਰਬਾਣੀ ਨਾਲ ਜੋੜਨ, ਲੋੜਵੰਦ ਪਰਿਵਾਰਾਂ ਤੱਕ ਰਾਸ਼ਨ ਪਹੁੰਚਾਉਣ, ਜ਼ਰੂਰਤਮੰਦਾਂ ਦੇ ਇਲਾਜ ਵਿੱਚ ਸਹਾਇਤਾ ਕਰਨ ਅਤੇ ਬੱਚਿਆਂ ਦੀਆਂ ਫੀਸਾਂ ਵਿੱਚ ਮਦਦ ਕਰਨ ਵਰਗੇ ਕਾਰਜਾਂ ਰਾਹੀਂ ਧਾਰਮਿਕ ਸਰਗਰਮੀ ਨੂੰ ਮਨੁੱਖੀ ਸੇਵਾ ਨਾਲ ਜੋੜਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸੇ ਕਰਕੇ ਸੰਗਤ ਦਾ ਇੱਕ ਹਿੱਸਾ ਇਨ੍ਹਾਂ ਜ਼ਮੀਨੀ ਉਪਰਾਲਿਆਂ ਨਾਲ ਆਪਣੇ ਆਪ ਨੂੰ ਜੋੜਦਾ ਨਜ਼ਰ ਆ ਰਿਹਾ ਹੈ। ਇਸ ਸਬੰਧੀ ਗੁਰੂਬਾਣੀ ਰਿਸਰਚ ਫਾਊਂਡੇਸ਼ਨ ਦੇ ਮੁਖੀ ਅਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਬੁਲਾਰੇ ਪਰਮਜੀਤ ਸਿੰਘ ਵੀਰਜੀ ਨੇ ਦੱਸਿਆ ਕਿ ਸੰਗਤ ਵੱਲੋਂ ਮਿਲ ਰਹੇ ਉਤਸ਼ਾਹ ਨੂੰ ਦੇਖਦਿਆਂ ਜਲਦ ਹੀ ਵੱਡੀ ਗਿਣਤੀ ਵਿੱਚ ਬੱਸਾਂ ਰਾਹੀਂ ਸੰਗਤ ਨੂੰ ਹੋਰ ਵੱਖ-ਵੱਖ ਇਤਿਹਾਸਿਕ ਗੁਰਧਾਮਾਂ ਦੇ ਦਰਸ਼ਨ ਕਰਵਾਉਣ ਲਈ ਰੋਡਮੈਪ ਤਿਆਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕੋਸ਼ਿਸ਼ ਹੈ ਕਿ ਵੱਧ ਤੋਂ ਵੱਧ ਸੰਗਤ ਨੂੰ ਸਿੱਖ ਇਤਿਹਾਸ ਨਾਲ ਸਬੰਧਤ ਇਤਿਹਾਸਿਕ ਅਸਥਾਨਾਂ ਨਾਲ ਜੋੜਿਆ ਜਾਵੇ ਅਤੇ ਗੁਰਬਾਣੀ, ਇਤਿਹਾਸ ਤੇ ਸੇਵਾ ਦੇ ਸੁਨੇਹੇ ਨੂੰ ਜ਼ਮੀਨੀ ਪੱਧਰ ਤੱਕ ਪਹੁੰਚਾਇਆ ਜਾਵੇ। ਜਿਕਰਯੋਗ ਹੈ ਕਿ ਇਨ੍ਹਾਂ ਉਪਰਾਲਿਆਂ ਦੇ ਸੰਦਰਭ ਵਿੱਚ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਧਰਮ ਪ੍ਰਚਾਰ ਵਿਭਾਗ ਦੀ ਕਾਰਗੁਜ਼ਾਰੀ 'ਤੇ ਵੀ ਸਵਾਲ ਉੱਠਣੇ ਸੁਭਾਵਿਕ ਹਨ। ਕਮੇਟੀ ਕੋਲ ਵੱਡਾ ਸੰਸਥਾਗਤ ਢਾਂਚਾ, ਸਾਧਨ ਅਤੇ ਧਰਮ ਪ੍ਰਚਾਰ ਲਈ ਸਰੋਤ ਮੌਜੂਦ ਹੋਣ ਦੇ ਬਾਵਜੂਦ ਜੇ ਸੰਗਤ ਨੂੰ ਗੁਰਧਾਮਾਂ ਦੇ ਦਰਸ਼ਨਾਂ, ਗੁਰਬਾਣੀ ਨਾਲ ਜੋੜਨ ਅਤੇ ਸੇਵਾ ਕਾਰਜਾਂ ਲਈ ਨਿੱਜੀ ਪੱਧਰ 'ਤੇ ਹੋ ਰਹੇ ਉਪਰਾਲਿਆਂ ਵੱਲ ਵੱਧ ਉਤਸ਼ਾਹ ਨਾਲ ਖਿੱਚ ਮਹਿਸੂਸ ਹੋ ਰਹੀ ਹੈ ਤਾਂ ਇਹ ਕਮੇਟੀ ਦੇ ਧਰਮ ਪ੍ਰਚਾਰ ਦੇ ਢੰਗ ਅਤੇ ਉਸ ਦੀ ਜ਼ਮੀਨੀ ਪਹੁੰਚ ਬਾਰੇ ਗੰਭੀਰ ਆਤਮ-ਮੰਥਨ ਦੀ ਲੋੜ ਵੱਲ ਇਸ਼ਾਰਾ ਕਰਦਾ ਹੈ। ਸਿਰਫ਼ ਪ੍ਰੋਗਰਾਮਾਂ ਦੇ ਐਲਾਨ ਜਾਂ ਕਾਗਜ਼ੀ ਸਰਗਰਮੀਆਂ ਸੰਗਤ ਨੂੰ ਲੰਮੇ ਸਮੇਂ ਲਈ ਗੁਰਬਾਣੀ ਅਤੇ ਇਤਿਹਾਸ ਨਾਲ ਨਹੀਂ ਜੋੜ ਸਕਦੀਆਂ—ਇਸ ਲਈ ਲਗਾਤਾਰ ਜ਼ਮੀਨੀ ਸੰਪਰਕ, ਸੰਗਤ ਦੀ ਸ਼ਮੂਲੀਅਤ ਅਤੇ ਅਮਲੀ ਕਾਰਜ ਜ਼ਰੂਰੀ ਹਨ। ਜੇਕਰ ਸੰਗਤ ਦੇ ਪੱਧਰ 'ਤੇ ਇਹ ਮਹਿਸੂਸ ਹੋਣ ਲੱਗੇ ਕਿ ਧਰਮ ਪ੍ਰਚਾਰ ਦੇ ਅਸਲ ਕਾਰਜ ਨਿੱਜੀ ਉਪਰਾਲਿਆਂ ਰਾਹੀਂ ਵੱਧ ਪ੍ਰਭਾਵਸ਼ਾਲੀ ਢੰਗ ਨਾਲ ਹੋ ਰਹੇ ਹਨ, ਤਾਂ ਇਸਨੂੰ ਦਿੱਲੀ ਕਮੇਟੀ ਦੇ ਧਰਮ ਪ੍ਰਚਾਰ ਵਿਭਾਗ ਲਈ ਇੱਕ ਗੰਭੀਰ ਸੰਕੇਤ ਅਤੇ ਆਪਣੀ ਕਾਰਗੁਜ਼ਾਰੀ ਦੀ ਸਮੀਖਿਆ ਕਰਨ ਦਾ ਮੌਕਾ ਮੰਨਿਆ ਜਾਣਾ ਚਾਹੀਦਾ ਹੈ।

**ਗਵਾਲੀਅਰ ਦੇ ਗੁਰਦੁਆਰਾ ਦਾਤਾ ਬੰਦੀ ਛੋੜ ਸਾਹਿਬ ਤੋਂ ਆਗਰਾ ਦੇ ਗੁਰਦੁਆਰਾ ਗੁਰੂ ਕੇ ਤਾਲ ਤੱਕ ਸੰਗਤ ਨੂੰ ਜੋੜਿਆ ਸਿਖ ਇਤਿਹਾਸ ਨਾਲ**

## ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਨੇ ਧਾਰਮਿਕ ਸਥਾਨਾਂ ਦੇ ਕੀਤੇ ਦਰਸ਼ਨ



ਫ਼ਿਰੋਜ਼ਪੁਰ, 25 ਸਤੰਬਰ (ਮਨੋਹਰ ਲਾਲ) — ਫ਼ਿਰੋਜਪੁਰ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੇ ਪੈਟਰਨ ਸ਼੍ਰੀ ਦੇਸ਼ ਬੰਧੂ ਤੁਲੀ ਦੀ ਅਗਵਾਈ ਵਿੱਚ ਇਕ ਵਫ਼ਦ ਸ਼੍ਰੀ ਅੰਮ੍ਰਿਤਸਰ ਸਾਹਿਬ ਵਿਖੇ ਜਲਿਆਂ ਵਾਲੇ ਬਾਗ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰਨ ਗਿਆ। ਇਸ ਵਫਦ ਵਿੱਚ ਅਵਤਾਰ ਸਿੰਘ ਭੋਲਾ ਮੀਤ ਪ੍ਰਧਾਨ, ਰਾਕੇਸ਼ ਸ਼ਰਮਾ ਮੀਤ ਪ੍ਰਧਾਨ, ਯੋਗਿੰਦਰ ਨਾਥ ਕੱਕੜ, ਮੋਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਮੰਗਤ ਰਾਮ ਹਾਂਡਾ, ਸ਼ਿਵ ਕੁਮਾਰ ਸ਼ਾਮਿਲ ਸਨ। ਜਲਿਆਂ ਵਾਲੇ ਬਾਗ ਵਿੱਚ ਪਹੁੰਚ ਕੇ ਸਾਰੇ ਮੈਂਬਰਾਨ ਨੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਅਤੇ ਸ਼ਹੀਦੀ ਖੂਹ ਦੇਖਿਆ ਜਿਥੇ ਸੈਂਕੜੇ ਲੋਕ ਸ਼ਹੀਦ ਹੋਏ ਅਤੇ ਦੀਵਾਰਾਂ ਤੇ ਅੰਗਰੇਜ ਹਾਕਮਾਂ ਦੇ ਮੁਲਾਜਮਾਂ ਵੱਲੋਂ ਨਿਹੱਥੇ ਲੋਕਾਂ ਤੇ ਅੰਨੇਵਾਹ ਗੋਲੀਆਂ ਚਲਾ ਕੇ ਸੈਂਕੜੇ ਲੋਕਾਂ ਨੂੰ ਸ਼ਹੀਦ ਕਰ ਦਿੱਤਾ, ਉਥੇ ਦੇ ਦ੍ਰਿਸ਼ ਦੇਖ਼ ਕੇ ਸਭ ਮੈਂਬਰਾਂ ਦੇ ਮਨ ਗਮਗੀਨ ਹੋ ਗਏ, ਕਿ ਇਨ੍ਹਾਂ ਸ਼ਹੀਦਾਂ ਨੇ ਦੇਸ਼ ਦੀ ਅਜਾਦੀ ਲਈ ਆਪਣਾ ਬਲੀਦਾਨ ਦਿੱਤਾ। ਇਸ ਵ਼ਫਦ ਨੇ ਗੁਰੂਦੁਆਰਾ ਬਾਬਾ ਬੁੱਢਾ ਜੀ ਝਬਾਲ, ਸ਼੍ਰੀ ਹਰਮੰਦਿਰ ਸਾਹਿਬ ਸ਼੍ਰੀ ਅੰਮ੍ਰਿਤਸਰ ਸਾਹਿਬ, ਦੁਰਗਿਆਣਾ ਮੰਦਿਰ ਦੇ ਦਰਸ਼ਨ ਕੀਤੇ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਇਸ ਮੌਕੇ ਜਥੇ ਨੇ ਸ੍ਰੀ ਦੁਰਗਿਆਣਾ ਮੰਦਿਰ ਸ਼੍ਰੀ ਅੰਮ੍ਰਿਤਸਰ ਸਾਹਿਬ ਵਿਖੇ ਵਫਦ ਵੱਲੋਂ ਸ਼੍ਰੀਮਤੀ ਲੱਛਮੀ ਕਾਂਤ ਚਾਵਲਾ ਸਾਬਕਾ ਮੰਤਰੀ ਪੰਜਾਬ ਸਰਕਾਰ ਨੂੰ ਮਿਲੇ ਅਤੇ ਉਨ੍ਹਾਂ ਦੇ ਵਿਚਾਰਾਂ ਤੋਂ ਪ੍ਰਭਾਵਿਤ ਹੋਏ।

## EC ਵਿਵਾਦ ਸੁਪਰੀਮ ਕੋਰਟ ਪਹੁੰਚਿਆ; ਗਿਆਨੇਸ਼ ਕੁਮਾਰ 'ਤੇ ਖਿਲਾਫ਼ ਮੁਕੱਦਮਾ ਅਤੇ 13 ਕਰੋੜ ਵੋਟਰਾਂ ਦੇ ਨਾਮ ਹਟਾਉਣ ਦੀ ਜਾਂਚ ਦੀ ਮੰਗ

**ਨਵੀਂ ਦਿੱਲੀ, 25 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ (SIR) ਨਾਲ ਸਬੰਧਤ ਵਿਵਾਦ ਸੁਪਰੀਮ ਕੋਰਟ ਤੱਕ ਪਹੁੰਚ ਗਿਆ ਹੈ, ਜਿਸ ਵਿੱਚ ਇੱਕ ਨਵੀਂ ਪਟੀਸ਼ਨ ਦਾਇਰ ਕੀਤੀ ਗਈ ਹੈ, ਜਿਸ ਵਿੱਚ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਖ਼ਿਲਾਫ਼ ਕਾਨੂੰਨੀ ਫਰਜ਼ਾਂ ਦੀ ਕਥਿਤ ਉਲੰਘਣਾ ਲਈ ਕਾਰਵਾਈ ਦੀ ਮੰਗ ਕੀਤੀ ਗਈ ਹੈ। ਵਕੀਲ ਸ਼ੈਲੇਂਦਰ ਮਨੀ ਤ੍ਰਿਪਾਠੀ ਵੱਲੋਂ ਵਕੀਲ ਚਾਂਦ ਕੁਰੈਸ਼ੀ ਰਾਹੀਂ ਦਾਇਰ ਪਟੀਸ਼ਨ ਵਿੱਚ, SIR ਅਭਿਆਸ ਦੌਰਾਨ ਕਥਿਤ ਤੌਰ 'ਤੇ ਲਏ ਗਏ ਫੈਸਲਿਆਂ ਦੇ ਸਬੰਧ ਵਿੱਚ ਕੁਮਾਰ ਅਤੇ ਚੋਣ ਕਮਿਸ਼ਨ ਦੇ ਦੋ ਹੋਰ ਸੀਨੀਅਰ ਅਧਿਕਾਰੀਆਂ ਖ਼ਿਲਾਫ਼ ਅਪਰਾਧਿਕ ਮੁਕੱਦਮਾ ਚਲਾਉਣ ਦੀ ਮੰਗ ਕੀਤੀ ਗਈ ਹੈ। ਪਟੀਸ਼ਨਕਰਤਾ ਨੇ ਦੋਸ਼ ਲਗਾਇਆ ਹੈ ਕਿ ਚੋਣ ਕਮਿਸ਼ਨ ਦੇ ਸਾਫਟਵੇਅਰ ਵਿੱਚ ਕੁਝ ਫੈਸਲੇ, ਨਿਰਦੇਸ਼ ਅਤੇ ਬਦਲਾਅ ਦੂਜੇ ਦੋ ਚੋਣ ਕਮਿਸ਼ਨਰਾਂ ਦੀ ਸਹਿਮਤੀ ਤੋਂ ਬਿਨਾਂ ਪੇਸ਼ ਕੀਤੇ ਗਏ ਸਨ। ਪਟੀਸ਼ਨ ਵਿੱਚ ਸੁਪਰੀਮ ਕੋਰਟ ਨੂੰ ਅਜਿਹੇ ਫੈਸਲਿਆਂ ਨੂੰ ਗੈਰ-ਕਾਨੂੰਨੀ ਘੋਸ਼ਿਤ ਕਰਨ ਅਤੇ ਉਨ੍ਹਾਂ ਨੂੰ ਪਾਸੇ ਰੱਖਣ ਦੀ ਮੰਗ ਕੀਤੀ ਗਈ ਹੈ। ਸੀਈਸੀ ਗਿਆਨੇਸ਼ ਕੁਮਾਰ ਤੋਂ ਇਲਾਵਾ, ਪਟੀਸ਼ਨ ਵਿੱਚ ਸੀਨੀਅਰ ਡਿਪਟੀ ਚੋਣ ਕਮਿਸ਼ਨਰ ਮਨੀਸ਼ ਗਰਗ ਅਤੇ ਡਾਇਰੈਕਟਰ ਜਨਰਲ (ਆਈਟੀ) ਸੀਮਾ ਖੰਨਾ ਦਾ ਨਾਮ ਹੈ। ਪਟੀਸ਼ਨਕਰਤਾ ਨੇ ਵੋਟਰ ਸੂਚੀਆਂ ਦੀ ਤਿਆਰੀ ਅਤੇ ਸੋਧ ਨਾਲ ਜੁੜੇ ਕਾਨੂੰਨੀ ਫਰਜ਼ਾਂ ਦੀ ਉਲੰਘਣਾ ਦਾ ਦੋਸ਼ ਲਗਾਉਂਦੇ ਹੋਏ ਲੋਕ ਪ੍ਰਤੀਨਿਧਤਾ ਐਕਟ, 1950 ਦੀ ਧਾਰਾ 32 ਦੇ ਤਹਿਤ ਅਪਰਾਧਿਕ ਕਾਰਵਾਈ ਸ਼ੁਰੂ ਕਰਨ ਲਈ ਨਿਰਦੇਸ਼ ਮੰਗੇ ਹਨ। ਪਟੀਸ਼ਨ ਵੋਟਰ ਰਜਿਸਟ੍ਰੇਸ਼ਨ ਪ੍ਰਕਿਰਿਆ ਵਿੱਚ ਕਥਿਤ ਤੌਰ 'ਤੇ ਕੀਤੇ ਗਏ ਬਦਲਾਅ ਨੂੰ ਵੀ ਚੁਣੌਤੀ ਦਿੰਦੀ ਹੈ ਅਤੇ ਵੋਟਰ ਸੂਚੀਆਂ ਵਿੱਚ ਨਾਮ ਸ਼ਾਮਲ ਕਰਨ ਲਈ ਵਰਤੇ ਜਾਣ ਵਾਲੇ ਕਾਨੂੰਨੀ ਫਾਰਮ, ਅਸਲ ਫਾਰਮ 6 ਨੂੰ ਬਹਾਲ ਕਰਨ ਦੀ ਮੰਗ ਕਰਦੀ ਹੈ। ਪਟੀਸ਼ਨ ਵਿੱਚ ਮੁੱਖ ਮੰਗਾਂ ਵਿੱਚੋਂ ਇੱਕ 30 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਐਸਆਈਆਰ ਅਭਿਆਸ ਦੌਰਾਨ ਡਰਾਫਟ ਵੋਟਰ ਸੂਚੀਆਂ ਵਿੱਚੋਂ ਲਗਭਗ 13 ਕਰੋੜ ਨਾਵਾਂ ਨੂੰ ਕਥਿਤ ਤੌਰ 'ਤੇ ਹਟਾਉਣ ਦੀ ਨਿਰਪੱਖ ਜਾਂਚ ਦੀ ਮੰਗ ਕੀਤੀ ਹੈ। ਪਟੀਸ਼ਨਕਰਤਾ ਨੇ ਜਾਂਚ ਵਿੱਚ ਸਹਾਇਤਾ ਕਰਨ ਵਾਲੇ ਤਕਨੀਕੀ ਅਤੇ ਸਾਈਬਰ ਸੁਰੱਖਿਆ ਮਾਹਰਾਂ ਨਾਲ, ਸੁਪਰੀਮ ਕੋਰਟ ਦੇ ਇੱਕ ਸੇਵਾਮੁਕਤ ਜੱਜ ਦੀ ਅਗਵਾਈ ਵਿੱਚ ਇੱਕ ਨਿਆਂਇਕ ਜਾਂਚ ਜਾਂ ਐਸਆਈਟੀ ਦਾ ਪ੍ਰਸਤਾਵ ਰੱਖਿਆ ਹੈ। ਪ੍ਰਸਤਾਵਿਤ ਜਾਂਚ ਉਸ ਪ੍ਰਕਿਰਿਆ ਦੀ ਜਾਂਚ ਕਰੇਗੀ, ਜਿਸ ਰਾਹੀਂ ਨਾਮ ਜੋੜੇ ਗਏ, ਹਟਾਏ ਗਏ ਜਾਂ ਬਹਾਲ ਕੀਤੇ ਗਏ। ਇਸ ਤੋਂ ਇਲਾਵਾ ECI ਦੇ ਡਿਜੀਟਲ ਸਿਸਟਮਾਂ 'ਤੇ ਚੋਣ ਡੇਟਾ ਦੇ ਪ੍ਰਬੰਧਨ ਅਤੇ ਕੇਂਦਰੀਕਰਨ ਦੀ ਜਾਂਚ ਕੀਤੀ ਜਾਵੇਗੀ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243